ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On
Visit on facebook
https://www.facebook.com/awazeqaumtv/videos/194899582124531/
https://youtu.be/LQwolgxDu7I
awazeqaumtvpunjab@gmail.com

ਸ਼ੁੱਕਰਵਾਰ, 20 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੭ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਦੇ ਸਿਆਸੀ ਜਗਤ ਤੋਂ ਵੱਡੀ ਖਬਰ, ਅਕਾਲੀ ਦਲ 'ਚ ਸ਼ਾਮਲ ਹੋਇਆ ਆਈ.ਏ.ਐਸ. ਅਧਿਕਾਰੀ

**ਚੰਡੀਗੜ੍ਹ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਿਆਸੀ ਜਗਤ ਤੋਂ ਵੱਡੀ ਖਬਰ ਸਾਹਮਣੇ ਆ ਰਹੀ ਹੈ। ਦੱਸ ਦੇਈਏ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਵੱਡੀ ਮਜ਼ਬੂਤੀ ਮਿਲੀ ਹੈ। ਪਾਰਟੀ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਸਾਬਕਾ ਆਈਏਐਸ ਅਧਿਕਾਰੀ ਕੇਜੀਐਸ ਚੀਮਾ ਨੂੰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਕੀਤਾ। ਆਰਟੀਆਈ ਡੇਟਾ ਦਾ ਹਵਾਲਾ ਦਿੰਦੇ ਹੋਏ, ਬਾਦਲ ਨੇ ਸੂਬਾ ਸਰਕਾਰ ਦੇ ਦਾਅਵਿਆਂ 'ਤੇ ਸਵਾਲ ਉਠਾਏ ਅਤੇ ਕਾਨੂੰਨ ਵਿਵਸਥਾ ਸਮੇਤ ਕਈ ਮੁੱਦਿਆਂ 'ਤੇ ਚਿੰਤਾ ਪ੍ਰਗਟ ਕੀਤੀ। ਬਾਦਲ ਨੇ ਕੇਜੀਐਸ ਚੀਮਾ ਨੂੰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਕੀਤਾ। ਉਨ੍ਹਾਂ ਕਿਹਾ ਕਿ ਚੀਮਾ ਦਾ ਪ੍ਰਸ਼ਾਸਕੀ ਤਜਰਬਾ ਪਾਰਟੀ ਲਈ ਇੱਕ ਮਹੱਤਵਪੂਰਨ ਸੰਪਤੀ ਹੋਵੇਗਾ ਤੇ ਉਹ ਪੰਜਾਬ ਦੇ ਲੋਕਾਂ ਦੀ ਜ਼ੋਰਦਾਰ ਵਕਾਲਤ ਕਰਨ ਵਿੱਚ ਮੁੱਖ ਭੂਮਿਕਾ ਨਿਭਾਉਣਗੇ। ਇਸ ਮੌਕੇ ਬਾਦਲ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਸਵਰਗੀ ਪ੍ਰਕਾਸ਼ ਸਿੰਘ ਬਾਦਲ ਦੇ ਕਾਰਜਕਾਲ ਦੌਰਾਨ, "ਸੰਗਤ ਦਰਸ਼ਨ" ਰਾਹੀਂ ਪਿੰਡ-ਪਿੰਡ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾਂਦੀਆਂ ਸਨ ਅਤੇ ਉਨ੍ਹਾਂ ਦੇ ਹੱਲ ਨੂੰ ਤਰਜੀਹ ਦਿੱਤੀ ਜਾਂਦੀ ਸੀ। ਉਨ੍ਹਾਂ ਕਿਹਾ ਕਿ ਉਸ ਸਮੇਂ ਪ੍ਰਸ਼ਾਸਕੀ ਪੱਧਰ 'ਤੇ ਲਏ ਗਏ ਫੈਸਲਿਆਂ ਨੂੰ ਲਾਗੂ ਕਰਨ ਦੀ ਪ੍ਰਕਿਰਿਆ ਵੀ ਪ੍ਰਭਾਵਸ਼ਾਲੀ ਸੀ। ਮੌਜੂਦਾ ਸਰਕਾਰ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾਂ ਕਿਹਾ ਕਿ ਨਿਵੇਸ਼ ਸਬੰਧੀ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਆਰਟੀਆਈ ਰਾਹੀਂ ਸਾਹਮਣੇ ਆਏ ਅੰਕੜੇ ਇਨ੍ਹਾਂ ਦਾਅਵਿਆਂ ਨਾਲ ਮੇਲ ਨਹੀਂ ਖਾਂਦੇ।

# ਇਰਾਨ ਨੇ ਕਤਰ 'ਚ ਦੁਨੀਆ ਦੇ ਸਭ ਤੋਂ ਵੱਡੇ ਗੈਸ ਪਲਾਂਟ 'ਤੇ ਕੀਤਾ ਹਮਲਾ

# ਕਈ ਮਿਜ਼ਾਈਲਾਂ ਦਾਗੀਆਂ, ਵਧ ਸਕਦਾ ਹੈ ਐਲ.ਪੀ.ਜੀ. ਸੰਕਟ !

**ਤਹਿਰਾਨ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਈਰਾਨ ਅਤੇ ਅਮਰੀਕਾ-ਇਜ਼ਰਾਈਲ ਵਿਚਕਾਰ ਚੱਲ ਰਿਹਾ ਟਕਰਾਅ ਹੁਣ ਬਹੁਤ ਖ਼ਤਰਨਾਕ ਪੜਾਅ ਵਿੱਚ ਦਾਖਲ ਹੋ ਗਿਆ ਹੈ। ਦੁਨੀਆ ਦੇ ਸਭ ਤੋਂ ਵੱਡੇ ਗੈਸ ਪਲਾਂਟਾਂ ਵਿੱਚੋਂ ਇੱਕ, ਕਤਰ ਦੇ ਰਾਸ ਲਾਫਾਨ 'ਤੇ ਈਰਾਨ ਦੇ ਵੱਡੇ ਹਮਲੇ ਨੇ ਵਿਸ਼ਵ ਊਰਜਾ ਬਾਜ਼ਾਰ ਵਿੱਚ ਦਹਿਸ਼ਤ ਪੈਦਾ ਕਰ ਦਿੱਤੀ ਹੈ। ਹਮਲੇ ਤੋਂ ਬਾਅਦ ਕਤਰ ਐਨਰਜੀ ਦੇ ਉਤਪਾਦਨ ਵਿੱਚ ਰੁਕਾਵਟ ਨੇ ਭਾਰਤ ਵਰਗੇ ਦੇਸ਼ਾਂ ਵਿੱਚ ਰਸੋਈ ਗੈਸ (ਐਲਪੀਜੀ) ਅਤੇ ਕੁਦਰਤੀ ਗੈਸ ਦੀ ਭਾਰੀ ਕਮੀ ਦਾ ਡਰ ਪੈਦਾ ਕਰ ਦਿੱਤਾ ਹੈ। ਇਹ ਮਿਜ਼ਾਈਲ ਹਮਲਾ ਈਰਾਨ ਦੇ ਪਾਰਸ ਗੈਸ ਖੇਤਰ 'ਤੇ ਹਾਲ ਹੀ ਵਿੱਚ ਇਜ਼ਰਾਈਲ ਦੇ ਹਮਲੇ ਦੇ ਵਿਰੁੱਧ ਇੱਕ ਬਦਲਾ ਲੈਣ ਵਾਲੀ



ਕਾਰਵਾਈ ਮੰਨਿਆ ਜਾ ਰਿਹਾ ਹੈ। ਇਜ਼ਰਾਈਲ ਦੇ ਹਮਲੇ ਤੋਂ ਤੁਰੰਤ ਬਾਅਦ, ਈਰਾਨ ਨੇ ਖੁੱਲ੍ਹ ਕੇ ਸਾਊਦੀ ਅਰਬ, ਸੰਯੁਕਤ ਅਰਬ ਅਮੀਰਾਤ ਅਤੇ ਕਤਰ ਨੂੰ ਚੇਤਾਵਨੀ ਦਿੱਤੀ ਕਿ ਆਉਣ ਵਾਲੇ ਘੰਟਿਆਂ ਵਿੱਚ ਉਨ੍ਹਾਂ ਦੇ ਤੇਲ ਅਤੇ ਗੈਸ ਪਲਾਂਟਾਂ ਨੂੰ ਨਿਸ਼ਾਨਾ ਬਣਾਇਆ ਜਾ ਸਕਦਾ ਹੈ। ਕਤਰ ਨੇ ਪੁਸ਼ਟੀ ਕੀਤੀ ਹੈ ਕਿ ਇੱਕ ਈਰਾਨੀ ਮਿਜ਼ਾਈਲ ਹਮਲੇ ਕਾਰਨ ਰਾਸ ਲਾਫਾਨ ਇੰਡਸਟਰੀਅਲ ਸਿਟੀ ਦੇ ਕੁਝ ਹਿੱਸਿਆਂ ਵਿੱਚ ਭਾਰੀ ਅੱਗ ਲੱਗੀ ਅਤੇ ਢਾਂਚਾਗਤ ਨੁਕਸਾਨ ਹੋਇਆ। ਹਾਲਾਂਕਿ, ਕਤਰ ਦੇ ਰੱਖਿਆ ਪ੍ਰਣਾਲੀਆਂ ਨੇ ਕੁਝ ਮਿਜ਼ਾਈਲਾਂ ਨੂੰ ਰੋਕ ਲਿਆ, ਅਤੇ ਐਮਰਜੈਂਸੀ ਸੁਰੱਖਿਆ ਪ੍ਰਣਾਲੀਆਂ ਨੇ ਇੱਕ ਬਹੁਤ ਵੱਡੇ ਅਤੇ ਵਧੇਰੇ ਵਿਨਾਸ਼ਕਾਰੀ ਧਮਾਕੇ ਨੂੰ ਟਾਲ ਦਿੱਤਾ। ਕਤਰ ਊਰਜਾ ਕੰਪਨੀ ਨੇ ਪੁਸ਼ਟੀ ਕੀਤੀ ਕਿ ਦੁਨੀਆ ਦੇ ਸਭ ਤੋਂ ਮਹੱਤਵਪੂਰਨ ਐਲ. ਪੀ. ਜੀ. ਹੱਬ ਨੂੰ ਕਾਫ਼ੀ ਨੁਕਸਾਨ ਹੋਇਆ ਹੈ। ਹਾਲਾਂਕਿ, ਇਹ ਰਾਹਤ ਦੀ ਗੱਲ ਹੈ ਕਿ ਸਾਰੇ ਕਰਮਚਾਰੀ ਸੁਰੱਖਿਅਤ ਹਨ ਅਤੇ ਕਿਸੇ ਵੀ ਜਾਨੀ ਨੁਕਸਾਨ ਦੀ ਰਿਪੋਰਟ ਨਹੀਂ ਹੈ। ਸਿਵਲ ਡਿਫੈਂਸ ਟੀਮਾਂ ਸ਼ੁਰੂਆਤੀ ਤੌਰ 'ਤੇ ਅੱਗ 'ਤੇ ਕਾਬੂ ਪਾਉਣ ਦੇ ਯੋਗ ਹੋ ਗਈਆਂ ਹਨ। ਵੀਡੀਓ ਸਮੱਗਰੀ ਕਤਰ ਦੇ ਵਿਦੇਸ਼ ਮੰਤਰਾਲੇ ਨੇ ਹਮਲੇ ਦੀ ਸਖ਼ਤ ਨਿੰਦਾ ਕੀਤੀ ਹੈ, ਇਸਨੂੰ ਇੱਕ ਬੇਰਹਿਮ ਕਾਰਵਾਈ ਅਤੇ ਦੇਸ਼ ਦੀ ਪ੍ਰਭੂਸੱਤਾ ਅਤੇ ਰਾਸ਼ਟਰੀ ਸੁਰੱਖਿਆ ਦੀ ਸਪੱਸ਼ਟ ਉਲੰਘਣਾ ਦੱਸਿਆ ਹੈ।

## ਸਮਾਣੇ ਪਹੁੰਚੇ ਸੁਖਬੀਰ ਬਾਦਲ ਨੇ ਕੀਤੀ ਬੇਅਦਬੀ ਕਾਨੂੰਨ ਬਣਾਉਣ ਦੀ ਹਮਾਇਤ, 'ਆਪ' 'ਤੇ ਲਾਏ ਗੰਭੀਰ ਦੋਸ਼

**ਸਮਾਣਾ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਬਣਾਉਣ ਦੀ ਮੰਗ ਕੀਤੀ ਹੈ ਤੇ ਨਾਲ ਹੀ ਇਹ ਐਲਾਨ ਵੀ ਕੀਤਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਇਸ ਲਈ ਅੱਗੇ ਹੋ ਕੇ ਲੜਾਈ ਲੜਦਾ ਰਹੇਗਾ। ਇਸ ਤੋਂ ਇਲਾਵਾ ਉਨ੍ਹਾਂ ਨੇ ਆਮ ਆਦਮੀ ਪਾਰਟੀ 'ਤੇ ਵੀ ਗੰਭੀਰ ਦੋਸ਼ ਲਾਉਂਦਿਆਂ ਆਖਿਆ ਕਿ ਉਹ ਗਾਰੰਟੀ ਨਾਲ ਕਹਿ ਸਕਦੇ ਹਨ ਕਿ ਜੇ ਬੇਅਦਬੀਆਂ ਦੀ ਜਾਂਚ ਕਰਵਾਈ ਜਾਵੇ ਤਾਂ ਉਨ੍ਹਾਂ ਪਿੱਛੇ ਆਮ ਆਦਮੀ ਪਾਰਟੀ ਦਾ ਹੱਥ ਹੋਵੇਗਾ। ਅੱਜ ਸੁਖਬੀਰ ਸਿੰਘ ਬਾਦਲ 'ਪੰਜਾਬ ਬਚਾਓ ਮੁਹਿੰਮ' ਤਹਿਤ ਸਮਾਣੇ ਪਹੁੰਚੇ ਸਨ। ਇਸ ਮੌਕੇ ਉਨ੍ਹਾਂ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਦੀ ਮੰਗ ਨੂੰ ਲੈ ਕੇ ਸਮਾਣੇ ਵਿਚ ਚੱਲ ਰਹੇ ਮੋਰਚੇ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਸਾਰੇ ਹੀ ਚਾਹੁੰਦੇ ਹਨ ਕਿ ਬੇਅਦਬੀਆਂ ਦੇ ਖ਼ਿਲਾਫ਼ ਕਾਨੂੰਨ ਬਣਾਇਆ ਜਾਵੇ। ਉਨ੍ਹਾਂ ਦੱਸਿਆ ਕਿ ਅਕਾਲੀ ਦਲ ਦੀ ਸਰਕਾਰ ਵੇਲੇ 2016 ਵਿਚ ਹੀ ਬੇਅਦਬੀਆਂ ਮਾਮਲੇ ਵਿਚ ਉਮਰਕੈਦ ਦੀ ਸਜ਼ਾ ਦਾ ਬਿੱਲ ਵਿਧਾਨ ਸਭਾ ਵਿਚੋਂ ਪਾਸ ਕਰਕੇ ਭੇਜਿਆ ਗਿਆ ਸੀ, ਪਰ ਕੇਂਦਰ ਨੇ ਉਸ ਬਾਰੇ ਕੁਝ ਨਹੀਂ ਕੀਤਾ।



ਉਨ੍ਹਾਂ ਕਿਹਾ ਕਿ ਜਿਹੜੇ ਲੋਕ ਅਜਿਹੇ ਘਿਨੌਣੇ ਕੰਮ ਕਰਦੇ ਹਨ, ਉਨ੍ਹਾਂ ਨੂੰ ਦੁਨੀਆ ਵਿਚ ਰਹਿਣ ਦਾ ਕੋਈ ਹੱਕ ਨਹੀਂ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਇਹ ਲੜਾਈ ਅੱਗੇ ਹੋ ਕੇ ਲੜਦਾ ਰਹੇਗਾ। ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ 2014 ਵਿਚ ਆਮ ਆਦਮੀ ਪਾਰਟੀ ਪੰਜਾਬ ਵਿਚ ਆਈ ਤੇ 2015 ਵਿਚ ਬੇਅਦਬੀਆਂ ਸ਼ੁਰੂ ਹੋ ਗਈਆਂ। ਉਨ੍ਹਾਂ ਕਿਹਾ ਕਿ ਇਹ ਲੋਕਾਂ ਨੂੰ ਆਪਸ ਵਿਚ ਲੜਾ ਕੇ ਰਾਜ ਕਰਨਾ ਚਾਹੁੰਦੇ ਹਨ। ਸੁਖਬੀਰ ਨੇ ਕਿਹਾ ਕਿ ਉਹ ਗਾਰੰਟੀ ਨਾਲ ਆਖ਼ ਸਕਦੇ ਹਨ ਜੇਕਰ ਕਿਸੇ ਵੀ ਬੇਅਦਬੀ ਮਾਮਲੇ ਦੀ ਜਾਂਚ ਕੀਤੀ ਜਾਵੇ ਤਾਂ ਸਾਰਿਆਂ ਮਗਰ ਆਮ ਆਦਮੀ ਪਾਰਟੀ ਹੋਵੇਗੀ। ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਵਿਚ 'ਆਪ' ਦਾ ਦਿੱਲੀ ਤੋਂ ਵਿਧਾਇਕ ਨਰੇਸ਼ ਯਾਦਵ ਬੇਅਦਬੀ ਮਾਮਲੇ ਵਿਚ ਦੋਸ਼ੀ ਠਹਿਰਾਇਆ ਗਿਆ।

## ਹੁਣ ਗੈਂਗਸਟਰਾਂ ਦੇ ਨਿਸ਼ਾਨੇ 'ਤੇ ਪੰਜਾਬੀ ਗਾਇਕ ਮਨਕੀਰਤ ਔਲਖ ! ਬੰਬੀਹਾ ਗੈਂਗ ਨੇ ਦਿੱਤੀ ਜਾਨੋਂ ਮਾਰਨ ਦੀ ਧਮਕੀ



**ਚੰਡੀਗੜ੍ਹ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਮਨਕੀਰਤ ਔਲਖ ਨੂੰ ਮੁੜ ਤੋਂ ਜਾਨੋਂ ਮਾਰਨ ਦੀਆਂ ਧਮਕੀ ਮਿਲੀ ਹੈ। ਬੰਬੀਹਾ ਗੈਂਗ ਦੇ ਗੈਂਗਸਟਰ ਲੱਕੀ ਪਟਿਆਲ ਦੀ ਇੱਕ ਆਡੀਓ ਰਿਕਾਰਡਿੰਗ ਸਾਹਮਣੇ ਆਈ ਹੈ, ਜਿਸ ਵਿੱਚ ਉਹ ਕਹਿੰਦਾ ਹੈ ਕਿ ਹੁਣ ਮਨਕੀਰਤ ਔਲਖ ਦੀ ਵਾਰੀ ਹੈ। ਉਹ ਜਿੰਨੇ ਮਰਜ਼ੀ ਬੰਦੂਕਧਾਰੀ ਰੱਖ ਸਕਦਾ ਹੈ, ਪਰ ਉਸਦੀ ਵਾਰੀ ਹੁਣ ਆ ਗਈ ਹੈ। ਉਹ ਮੋਹਾਲੀ ਵਿੱਚ ਬੈਠਦਾ ਹੈ ਅਤੇ ਵਿਦੇਸ਼ਾਂ ਤੋਂ ਸਟੋਰੀ ਪੋਸਟ ਕਰਦਾ ਰਹਿੰਦਾ ਹੈ। ਦੱਸ ਦਈਏ ਕਿ ਬੁੱਧਵਾਰ ਨੂੰ ਸੈਕਟਰ 9 ਵਿੱਚ ਪ੍ਰਾਪਰਟੀ ਡੀਲਰ ਚਮਨਪ੍ਰੀਤ ਨੂੰ 12 ਗੋਲੀਆਂ ਮਾਰੀਆਂ ਗਈਆਂ। ਲੱਕੀ ਪਟਿਆਲਾ ਨੇ ਗੋਲੀਬਾਰੀ ਦੀ ਜ਼ਿੰਮੇਵਾਰੀ ਲਈ। ਉਸਨੇ ਸੋਸ਼ਲ ਮੀਡੀਆ 'ਤੇ ਇਸ ਬਾਰੇ ਪੋਸਟ ਵੀ ਕੀਤੀ। ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਲੱਕੀ ਪਟਿਆਲ ਨੇ ਕਿਹਾ ਕਿ ਚੰਡੀਗੜ੍ਹ 9 ਸੈਕਟਰ 'ਚ ਚਰਨਪ੍ਰੀਤ ਨਾਗਰਾ ਦਾ ਜੋ ਕਤਲ ਹੋਇਆ ਹੈ ਇਸਦੀ ਜ਼ਿੰਮੇਵਾਰੀ ਉਹ ਲੈਂਦਾ ਹੈ। ਇਹ ਸਾਡੇ ਐਂਟੀ ਗਰੁੱਪ ਦਾ ਖਬਰੀ ਸੀ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਮੈਂਬਰਾਂ ਦੀ ਸੂਚਨਾ ਦਿੰਦਾ ਸੀ ਉਸ ਨੂੰ ਅਜਿਹਾ ਕਰਨ ਤੋਂ ਰੋਕਿਆ ਵੀ ਸੀ ਪਰ ਉਹ ਅਜਿਹਾ ਕਰਦਾ ਰਿਹਾ। ਬਾਕੀ ਜੋ ਮੁਹਾਲੀ 'ਚ ਗੁਰਿੰਦਰ ਦਾ ਕਤਲ ਹੋਇਆ ਸੀ ਉਸ 'ਚ ਵੀ ਇਸਦਾ ਹੀ ਹੱਥ ਸੀ। ਗੁਰਵਿੰਦਰ ਉਸ ਨੂੰ ਜਾਣਦਾ ਨਹੀਂ ਸੀ ਪਰ ਜੇ ਸਾਡੇ ਐਂਟੀ ਕੰਮ ਤਾਂ ਕੱਲੇ ਕੱਲੇ ਨੂੰ ਭਜਾ ਭਜਾ ਕੇ ਮਾਰਾਂਗੇ। ਕਾਬਿਲੇਗੌਰ ਹੈ ਕਿ ਗਾਇਕ ਮਨਕੀਰਤ ਔਲਖ ਨੂੰ ਪਹਿਲਾਂ ਵੀ ਧਮਕੀ ਮਿਲੀ ਹੈ। ਨਾਲ ਹੀ ਉਨ੍ਹਾਂ ਦੇ ਕੋਲ ਸੁਰੱਖਿਆ ਗਾਰਡ ਵੀ ਹੈ। ਫਿਲਹਾਲ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

## ਚੰਡੀਗੜ੍ਹ 'ਚ ਪ੍ਰਾਪਰਟੀ ਡੀਲਰ ਦੇ ਕਤਲ ਮਾਮਲੇ 'ਚ ਪੁਲਿਸ ਨੇ ਦੋਵੇਂ ਮੁਲਜ਼ਮਾਂ ਦਾ ਕੀਤਾ ਐਨਕਾਊਂਟਰ

**ਚੰਡੀਗੜ੍ਹ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਦੇ ਸੈਕਟਰ -9 'ਚ ਬੀਤੇ ਦਿਨੀਂ ਹੋਏ ਪ੍ਰਾਪਰਟੀ ਡੀਲਰ ਚਰਨਪ੍ਰੀਤ ਸਿੰਘ ਨਾਗਰਾ ਉਰਫ ਚੀਨੀ ਕੁਬਾਹੇੜੀ ਦੇ ਕਤਲ ਮਾਮਲੇ 'ਚ ਵੱਡੀ ਅਪਡੇਟ ਸਾਹਮਣੇ ਆਈ ਹੈ। ਪੁਲਿਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ ਨੇ ਹਰਿਆਣਾ ਦੇ ਕੈਥਲ 'ਚ ਦੋਵੇਂ ਆਰੋਪੀਆਂ ਦਾ ਐਨਕਾਊਂਟਰ ਕਰ ਦਿੱਤਾ ਹੈ। ਪੁਲਿਸ ਨੇ ਮੁੱਠਭੇੜ ਤੋਂ ਬਾਅਦ ਦੋਵੇਂ ਆਰੋਪੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਦੋਵੇਂ ਦੇ ਪੈਰ 'ਚ ਗੋਲੀ ਲੱਗੀ ਹੈ ਅਤੇ ਹਸਪਤਾਲ ਭਰਤੀ ਕਰਵਾਇਆ ਗਿਆ ਹੈ।




ਜਾਣਕਾਰੀ ਅਨੁਸਾਰ ਕਾਰਵਾਈ ਦੌਰਾਨ ਮੁਲਜ਼ਮਾਂ ਨੇ ਭੱਜਣ ਲਈ ਪੁਲਿਸ 'ਤੇ ਗੋਲੀਬਾਰੀ ਕੀਤੀ। ਪੁਲਿਸ ਦੀ ਜਵਾਬੀ ਕਾਰਵਾਈ ਵਿੱਚ ਦੋਵੇਂ ਜ਼ਖਮੀ ਹੋ ਗਏ। ਪੁਲਿਸ ਨੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਕਤਲ ਵਿੱਚ ਵਰਤਿਆ ਗਿਆ ਬਾਈਕ ਅਤੇ ਹਥਿਆਰ ਬਰਾਮਦ ਕਰ ਲਿਆ ਗਿਆ ਹੈ। ਇਹ ਦੋਵੇਂ ਗੈਂਗਸਟਰ ਲੱਕੀ ਪਟਿਆਲ ਦੇ ਗੁਰਗੇ ਦੱਸੇ ਦਾ ਰਹੇ ਹਨ। ਦੋਵਾਂ ਵਿਰੁੱਧ ਪਹਿਲਾਂ ਵੀ ਕਈ ਅਪਰਾਧਿਕ ਮਾਮਲੇ ਦਰਜ ਸਨ। ਆਰੋਪੀਆਂ ਦੀ ਪਛਾਣ ਰਾਜਨ ਉਰਫ਼ ਪੀਯੂਸ਼ ਪਹਿਲਵਾਨ, ਫਿਰੋਜ਼ਪੁਰ ਦਾ ਰਹਿਣ ਵਾਲਾ ਹੈ। ਕੁਝ ਸਮਾਂ ਪਹਿਲਾਂ, ਉਹ ਮਲੇਸ਼ੀਆ ਤੋਂ ਨੇਪਾਲ ਰਾਹੀਂ ਗੈਰ-ਕਾਨੂੰਨੀ ਢੰਗ ਨਾਲ ਭਾਰਤ ਵਿਚ ਦਾਖਲ ਹੋਇਆ ਸੀ। ਦੂਜਾ ਦੋਸ਼ੀ, ਪ੍ਰੀਤਮ ਸ਼ਾਹ, ਨਵਾਂਸ਼ਹਿਰ ਦਾ ਰਹਿਣ ਵਾਲਾ ਹੈ। ਦੋਵਾਂ ਵਿਰੁੱਧ ਪਹਿਲਾਂ ਹੀ ਕਈ ਅਪਰਾਧਿਕ ਮਾਮਲੇ ਦਰਜ ਹਨ। ਚਰਨਪ੍ਰੀਤ ਸਿੰਘ ਦੇ ਪਰਿਵਾਰ ਨੇ ਪੋਸਟਮਾਰਟਮ ਕਰਵਾਉਣ ਤੋਂ ਇਨਕਾਰ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਆਰੋਪੀ ਫੜੇ ਨਹੀਂ ਜਾਂਦੇ ,ਓਦੋਂ ਤੱਕ ਪੋਸਟਮਾਰਟਮ ਨਹੀਂ ਕਰਵਾਉਣਗੇ। ਚਰਨਪ੍ਰੀਤ ਸਿੰਘ ਦੀ ਲਾਸ਼ ਇਸ ਸਮੇਂ ਪੀ.ਜੀ.ਆਈ.ਦੇ ਮੁਰਦਾਘਰ ਵਿਚ ਰੱਖੀ ਹੋਈ ਹੈ। ਪਰਿਵਾਰ ਦਾ ਆਰੋਪ ਹੈ ਕਿ ਘਟਨਾ ਨੂੰ 24 ਘੰਟਿਆਂ ਤੋਂ ਵੱਧ ਸਮਾਂ ਬੀਤ ਚੁੱਕਾ ਹੈ ਪਰ ਅਜੇ ਤੱਕ ਪੁਲਿਸ ਵਲੋਂ ਕਿਸੇ ਦੀ ਗ੍ਰਿਫ਼ਤਾਰੀ ਨਹੀਂ ਕੀਤੀ ਗਈ। ਦੱਸ ਦੇਈਏ ਕਿ ਚੰਡੀਗੜ੍ਹ ਦੇ ਸੈਕਟਰ 9 ਵਿੱਚ ਬੁੱਧਵਾਰ ਨੂੰ ਪ੍ਰਾਪਰਟੀ ਡੀਲਰ ਚਰਨਪ੍ਰੀਤ ਸਿੰਘ ਨਾਗਰਾ ਉਰਫ ਚੀਨੀ ਕੁਬਾਹੇੜੀ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਹੈ। ਉਹ ਜਿੰਮ ਕਰਨ ਤੋਂ ਬਾਅਦ ਆਪਣੀ ਫਾਰਚੂਨਰ ਗੱਡੀ ਵਿੱਚ ਘਰ ਜਾ ਰਿਹਾ ਸੀ। ਜਿੰਮ ਤੋਂ ਥੋੜ੍ਹੀ ਦੂਰੀ 'ਤੇ ਹਮਲਾਵਰਾਂ ਨੇ ਉਸਨੂੰ ਘੇਰ ਲਿਆ ਅਤੇ ਉਸ 'ਤੇ 12 ਰਾਊਂਡ ਫਾਇਰ ਕੀਤੇ। ਗੋਲੀਆਂ ਲੱਗਣ ਤੋਂ ਬਾਅਦ ਉਹ ਡਰਾਈਵਰ ਸੀਟ 'ਤੇ ਡਿੱਗ ਗਿਆ। ਇਸ ਤੋਂ ਤੁਰੰਤ ਬਾਅਦ ਉਸਦੇ ਸਾਥੀ ਉਸਨੂੰ ਫਾਰਚੂਨਰ ਵਿਚ ਪੀਜੀਆਈ ਹਸਪਤਾਲ ਵੱਲ ਲੈ ਗਏ। ਹਾਲਾਂਕਿ ਬਹੁਤ ਜ਼ਿਆਦਾ ਖੂਨ ਵਹਿਣ ਕਾਰਨ ਉਹ ਹਸਪਤਾਲ ਪਹੁੰਚਣ ਤੋਂ ਪਹਿਲਾਂ ਹੀ ਦਮ ਤੋੜ ਗਿਆ। ਘਟਨਾ ਦੀ ਸੀਸੀਟੀਵੀ ਫੁਟੇਜ ਵੀ ਸਾਹਮਣੇ ਆਈ ਹੈ, ਜਿਸ ਵਿੱਚ ਇੱਕ ਹਮਲਾਵਰ ਪਹਿਲਾਂ ਕੰਡਟਕਰ ਵਾਲੇ ਪਾਸੇ ਤੋਂ ਅਤੇ ਫਿਰ ਡਰਾਈਵਰ ਵਾਲੇ ਪਾਸੇ ਤੋਂ ਗੋਲੀਆਂ ਚਲਾਉਂਦੇ ਹੋਏ ਦਿਖਾਈ ਦੇ ਰਿਹਾ ਹੈ।

## ਕੰਗਨਾ ਰਣੌਤ ਦਾ ਇੱਕ ਹੋਰ ਵਿਵਾਦਿਤ ਬਿਆਨ, ਰਾਹੁਲ ਗਾਂਧੀ ਨੂੰ ਕਿਹਾ 'ਟਪੋਰੀ'; ਵਧਿਆ ਸਿਆਸੀ ਵਿਵਾਦ

**ਨਵੀਂ ਦਿੱਲੀ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਸੰਸਦ ਮੈਂਬਰ ਅਤੇ ਫਿਲਮ ਅਦਾਕਾਰਾ ਕੰਗਨਾ ਰਣੌਤ ਨੇ ਬੁੱਧਵਾਰ ਨੂੰ ਕਾਂਗਰਸ ਆਗੂ ਰਾਹੁਲ ਗਾਂਧੀ 'ਤੇ ਨਿਸ਼ਾਨਾ ਸਾਧਿਆ। ਉਨ੍ਹਾਂ ਨੇ ਉਨ੍ਹਾਂ ਨੂੰ "ਟਪੋਰੀ" (ਜੋਕਰ) ਕਿਹਾ ਅਤੇ ਕਿਹਾ ਕਿ ਉਨ੍ਹਾਂ ਕਾਰਨ ਔਰਤਾਂ ਸੰਸਦ ਕੰਪਲੈਕਸ ਵਿੱਚ ਅਸਹਿਜ ਮਹਿਸੂਸ ਕਰਦੀਆਂ ਹਨ। ਸੰਸਦ ਕੰਪਲੈਕਸ ਵਿੱਚ ਮੀਡੀਆ ਨਾਲ ਗੱਲ ਕਰਦੇ ਹੋਏ, ਕੰਗਨਾ ਰਣੌਤ ਨੇ ਕਿਹਾ ਕਿ ਅਸੀਂ ਔਰਤਾਂ ਉਨ੍ਹਾਂ ਨੂੰ ਦੇਖ ਕੇ ਬਹੁਤ ਅਸਹਿਜ ਮਹਿਸੂਸ ਕਰਦੀਆਂ ਹਨ ਕਿਉਂਕਿ ਉਹ ਇੱਕ ਟਪੋਰੀ ਵਾਂਗ ਆਉਂਦੇ ਹਨ ਅਤੇ ਉਹ



ਕਿਸੇ ਨੂੰ ਵੀ 'ਐ ਤੂ' ਸੰਬੋਧਨ ਕਰਦੇ ਹਨ, ਜੇਕਰ ਕੋਈ ਇੰਟਰਵਿਊ ਦੇ ਰਿਹਾ ਹੈ, ਤਾਂ ਉਹ ਹੂਟਿੰਗ ਕਾਲਾਂ ਕਰਦਾ ਹੈ।

ਰਣੌਤ ਨੇ ਕਿਹਾ ਕਿ ਰਾਹੁਲ ਗਾਂਧੀ ਨੂੰ ਆਪਣੀ ਭੈਣ, ਵਾਇਨਾਡ ਦੀ ਸੰਸਦ ਮੈਂਬਰ ਪ੍ਰਿਯੰਕਾ ਗਾਂਧੀ ਵਾਡਰਾ ਦੇ ਵਤੀਰੇ ਨੂੰ ਦੇਖਣਾ ਚਾਹੀਦਾ ਹੈ, "ਜੋ ਬਹੁਤ ਵਧੀਆ ਹੈ।" ਉਨ੍ਹਾਂ ਅੱਗੇ ਕਿਹਾ ਕਿ ਰਾਹੁਲ ਗਾਂਧੀ ਖੁਦ ਸ਼ਰਮਿੰਦਗੀ ਦਾ ਕਾਰਨ ਹਨ।

ਇਸ ਟਿੱਪਣੀ ਨੇ ਰਾਜਨੀਤਿਕ ਹਲਕਿਆਂ ਵਿੱਚ ਪ੍ਰਤੀਕਿਰਿਆਵਾਂ ਦੀ ਲਹਿਰ ਛੇੜ ਦਿੱਤੀ ਹੈ। ਕਾਂਗਰਸ ਸਮਰਥਕਾਂ ਅਤੇ ਨੇਤਾਵਾਂ ਨੇ ਕੰਗਨਾ ਦੇ ਬਿਆਨ ਦੀ ਆਲੋਚਨਾ ਕਰਦੇ ਹੋਏ ਇਸਨੂੰ ਇੱਕ ਬੇਲੋੜਾ ਅਤੇ ਨਿੱਜੀ ਹਮਲਾ ਦੱਸਿਆ ਹੈ, ਜਦਕਿ ਭਾਜਪਾ ਸਮਰਥਕ ਇਸਨੂੰ ਇੱਕ ਰਾਜਨੀਤਿਕ ਟਿੱਪਣੀ ਵਜੋਂ ਦੇਖ ਰਹੇ ਹਨ।

ਕਾਬਿਲੇਗੌਰ ਹੈ ਕਿ ਰਾਹੁਲ ਗਾਂਧੀ ਹਾਲ ਹੀ ਦੇ ਸਮੇਂ ਵਿੱਚ ਵੱਖ-ਵੱਖ ਮੁੱਦਿਆਂ 'ਤੇ ਕੇਂਦਰ ਸਰਕਾਰ 'ਤੇ ਵਾਰ-ਵਾਰ ਹਮਲੇ ਕਰ ਰਹੇ ਹਨ, ਜਿਸ ਨਾਲ ਰਾਜਨੀਤਿਕ ਮਾਹੌਲ ਪਹਿਲਾਂ ਹੀ ਗਰਮ ਹੋ ਗਿਆ ਹੈ। ਕੰਗਨਾ ਰਣੌਤ ਦਾ ਬਿਆਨ ਬਹਿਸ ਨੂੰ ਹੋਰ ਤੇਜ਼ ਕਰਨ ਲਈ ਸਾਬਤ ਹੋ ਰਿਹਾ ਹੈ। ਖੈਰ ਮੌਜੂਦਾ ਸਮੇਂ 'ਚ ਇਹ ਮੁੱਦਾ ਸੋਸ਼ਲ ਮੀਡੀਆ ਅਤੇ ਰਾਜਨੀਤਿਕ ਮੰਚਾਂ 'ਤੇ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ, ਸਮਰਥਕ ਅਤੇ ਵਿਰੋਧੀ ਆਪਣੇ-ਆਪਣੇ ਦ੍ਰਿਸ਼ਟੀਕੋਣ ਤੋਂ ਜਵਾਬ ਦੇ ਰਹੇ ਹਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ।
ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ।

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਵਲੋਂ ਰਾਸ਼ਟਰੀ ਪੱਧਰ ਤੇ ਪਰਾਲੀ ਦੀ ਸੁਯੋਗ ਵਰਤੋਂ ਦੇ ਢੰਗਾਂ ਦੀ ਸ਼ਲਾਘਾ

ਤਲਵੰਡੀ ਸਾਬੋ, 19 ਮਾਰਚ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਮੈਨੇਜਮੈਂਟ ਐਂਡ ਕਾਮਰਸ ਦੇ ਵਿਦਿਆਥੀ ਆਦੇਸ਼ ਠਾਕੁਰ, ਅਰਮਾਨਦੀਪ, ਅੰਜਲੀ ਕੁਮਾਰੀ ਤੇ ਅੰਸ਼ਪ੍ਰੀਤ ਕੌਰ ਨੇ ਇੰਟਰਪੈਨਊਰਸ਼ਿਪ ਡਿਵਲੈਪਮੈਂਟ ਇੰਸਟੀਚਿਊਟ ਆਫ਼ ਇੰਡੀਆ, ਅਹਿਮਦਾਬਾਦ, ਗੁਜਰਾਤ ਵਲੋਂ ਕਰਵਾਏ ਗਏ ਰਾਸ਼ਟਰ ਪੱਧਰੀ ਪ੍ਰੋਗਰਾਮ "ਇੰਸਪ੍ਰੋਸਾਰੀਓ" ਵਿੱਚ ਨਵੀਨਤਾਕਾਰੀ ਤਕਨੀਕ ਪੇਸ਼ ਕਰਕੇ ਟੈਕਨਾਲੋਜੀ ਬਿਜ਼ਨਸ ਆਈਡੀਆ ਪਿੱਚ ਮੁਕਾਬਲੇ (ਟੈਂਕ ਬੀ.ਆਈ.ਪੀ)-2026 ਦੇ ਫਾਈਨਲ ਮੁਕਾਬਲੇ ਵਿੱਚ ਸੋਨ ਤਗਮੇ ਹਾਸਲ ਕੀਤੇ। ਵਿਦਿਆਰਥੀਆਂ ਦੀ ਇਸ ਪ੍ਰਾਪਤੀ ਤੇ ਵਰਸਿਟੀ ਦੇ ਪ੍ਰਬੰਧਕੀ ਨਿਰਦੇਸ਼ਕ ਸੁਖਰਾਜ ਸਿੰਘ ਸਿੱਧੂ ਨੇ ਜੇਤੂਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਲੋਕਾਈ ਦੇ

ਆਵਾਜ਼ਿ ਕੌਮ
AWAZE QAUM
International Newspaper & WEB TV

ਜੀਵਨ ਨੂੰ ਸੁਖਾਲਾ ਬਣਾਉਣ ਲਈ ਨਵੀਆਂ ਕਾਢਾਂ ਕਰਨੀਆਂ ਪੈਣਗੀਆਂ ਜਿਸ ਰਾਹੀਂ ਉਹ ਆਰਥਿਕ ਪੱਖੋਂ ਖੁਸ਼ਹਾਲ ਅਤੇ ਸਮਾਜਿਕ ਪੱਖੋਂ ਹਰਮਨ ਪਿਆਰੇ ਹੋਣਗੇ। ਇਸ ਸ਼ਾਨਾਮਤੀ ਪ੍ਰਾਪਤੀ ਤੇ ਕਾਰਜਕਾਰੀ ਵਾਈਸ ਚਾਂਸਲਰ ਪ੍ਰੋ.(ਡਾ.) ਜਗਤਾਰ ਸਿੰਘ ਧੀਮਾਨ ਨੇ ਭਾਰਤ ਸਰਕਾਰ ਵਲੋਂ ਸ਼ੁਰੂ ਕੀਤੇ ਗਏ ਨਵੇਂ ਕਾਰੋਬਾਰੀ ਵਿਚਾਰਾਂ ਨੂੰ ਹੁਲਾਰਾ ਦੇਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਦੇ ਹੁਨਰ ਨੂੰ ਨਿਖਾਰਨ ਤੇ ਸੰਵਾਰਨ ਦਾ ਉਤਮ ਮੰਚ ਬਣਦੇ ਹਨ, ਕਿਉਂਕਿ ਅਜਿਹੇ ਸਮਾਗਮਾਂ ਵਿੱਚ ਕੀਤੀਆਂ ਪ੍ਰਾਪਤੀਆਂ ਵਿਦਿਆਰਥੀਆਂ ਨੂੰ ਹਮੇਸ਼ਾ ਨਵਾਂ ਸਿਰਜਨ ਲਈ ਪ੍ਰੇਰਦੀਆਂ ਹਨ ਤੇ ਉਹਨਾਂ ਵਿੱਚ ਨਵੀਨਤਾ ਦੀ ਭਾਵਨਾ ਪੈਦਾ ਹੁੰਦੀ ਹੈ। ਉਹਨਾਂ ਦੱਸਿਆ ਕਿ ਵਰਸਿਟੀ ਦੇ ਵਿਦਿਆਰਥੀਆਂ ਵਲੋਂ ਪਰਾਲੀ ਤੋਂ ਉਦਯੋਗਿਕ ਪੱਧਰ 'ਤੇ ਵਰਤਣਯੋਗ ਚੀਜਾਂ ਬਣਾਉਣ ਦੇ ਨਵੀਨ ਵਿਚਾਰ ਨੂੰ ਜੱਜਾਂ ਵਲੋਂ ਨਵੀਨਤਮ ਅਤੇ ਅਸਲ ਧਰਾਤਲ 'ਤੇ ਵਰਤਣਯੋਗ ਕਰਾਰ ਦਿੱਤਾ ਗਿਆ। ਇਸ ਮੌਕੇ ਐਸੋਸੀਏਟ ਡੀਨ (ਡਾ.) ਨਵਨੀਤ ਸੇਠ ਨੇ ਕਿਹਾ ਕਿ ਇਹ ਪ੍ਰਾਪਤੀ ਵਿਦਿਆਰਥੀਆਂ ਦੀ ਮਿਹਨਤ ਅਤੇ ਅਧਿਆਪਕਾਂ ਦੀ ਯੋਗ ਅਗਵਾਈ ਦਾ ਨਤੀਜਾ ਹੈ। ਉਹਨਾਂ ਨੇੜਲੇ ਭਵਿੱਖ ਵਿੱਚ ਇਸ ਤਰ੍ਹਾਂ ਦੇ ਖੋਜ ਸੰਬੋਧਿਤ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੀ ਗੱਲ ਕੀਤੀ। ਉਹਨਾਂ ਨੇ ਸਮੁੱਚੀ ਟੀਮ ਅਤੇ ਅਧਿਆਪਕਾਂ ਦੇ ਆਪਸੀ ਤਾਲਮੇਲ ਦੀ ਵੀ ਸ਼ਲਾਘਾ ਕੀਤੀ।









Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

### ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਵਿਦਿਆਰਥੀਆਂ ਨੇ ਚੀਮਾ ਸਾਹਿਬ ਦੇ

# ਨਗਰ ਕੀਰਤਨ ਵਿੱਚ ਭਗਤੀ ਭਾਵਨਾ ਤੇ ਉਤਸ਼ਾਹ ਨਾਲ ਹਾਜ਼ਰੀ ਭਰੀ











**ਤਲਵੰਡੀ ਸਾਬੋ, 19 ਮਾਰਚ (ਗੁਰਜੰਟ ਸਿੰਘ ਨਥੇਹਾ)**- ਸੰਤ ਅਤਰ ਸਿੰਘ ਜੀ ਮਹਾਰਾਜ ਦੇ 160ਵੇਂ ਜਨਮ ਦਿਵਸ ਦੇ ਪਾਵਨ ਅਵਸਰ ਮੌਕੇ ਚੀਮਾ ਸਾਹਿਬ ਵਿਖੇ ਨਿਕਲੇ ਵਿਸ਼ਾਲ ਨਗਰ ਕੀਰਤਨ ਵਿੱਚ ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਵਿਦਿਆਰਥੀਆਂ ਨੇ ਸ਼ਰਧਾ ਅਤੇ ਭਗਤੀ ਭਾਵ ਨਾਲ ਸ਼ਮੂਲੀਅਤ ਕੀਤੀ।ਅਕਾਲ ਯੂਨਿਵਰਸਿਟੀ ਤਲਵੰਡੀ ਸਾਬੋ ਵੱਲੋਂ ਮੀਡੀਆ ਨੂੰ ਪ੍ਰੈੱਸ ਨੋਟ ਜਾਰੀ ਕਰਦਿਆਂ ਜਾਣਕਾਰੀ ਦਿੱਤੀ ਕਿ ਇਸ ਧਾਰਮਿਕ ਜਲੂਸ ਦੌਰਾਨ ਗੁਰਬਾਣੀ ਕੀਰਤਨ ਦੀਆਂ ਸੁਰੀਲੀਆਂ ਧੁਨਾਂ, ਨਗਾਰਿਆਂ ਦੀ ਗੂੰਜ, ਢਾਡੀਆਂ ਦੇ ਗਾਇਨ ਅਤੇ "ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਿਹ" ਦੇ ਜੈਕਾਰਿਆਂ ਨਾਲ ਸਮੂਹ ਵਾਤਾਵਰਣ ਆਧਿਆਤਮਿਕ ਰੰਗ ਵਿੱਚ ਰੰਗਿਆ ਹੋਇਆ ਸੀ।ਨਗਰ ਕੀਰਤਨ ਦੌਰਾਨ ਲੰਗਰ ਸੇਵਾ, ਫੁੱਲਾਂ ਦੀ ਸ਼ਰਧਾਂਜਲੀ ਅਤੇ ਸੰਤ ਅੱਤਰ ਸਿੰਘ ਜੀ ਮਹਾਰਾਜ ਦੇ ਜੀਵਨ ਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਵਿਚਾਰ ਵੀ ਸਾਂਝੇ ਕੀਤੇ ਗਏ।ਉਨ੍ਹਾਂ ਨੇ ਆਪਣੀ ਜ਼ਿੰਦਗੀ ਸਿੱਖ ਧਰਮ ਦੇ ਮੂਲ ਸਿਧਾਂਤਾਂ ਦੇ ਪ੍ਰਚਾਰ ਅਤੇ ਆਧਿਆਤਮਿਕ ਸਿੱਖਿਆ ਨੂੰ ਅੱਗੇ ਵਧਾਉਣ ਲਈ ਸਮਰਪਿਤ ਕੀਤੀ। ਇਸ ਤਰ੍ਹਾਂ ਦੇ ਆਧਿਆਤਮਿਕ ਅਨੁਭਵ ਵਿਦਿਆਰਥੀਆਂ ਨੂੰ ਸਿਰਫ਼ ਸਭਿਆਚਾਰਕ ਜਾਣਕਾਰੀ ਹੀ ਨਹੀਂ ਦਿੰਦੇ, ਸਗੋਂ ਉਨ੍ਹਾਂ ਵਿੱਚ ਅਨੁਸ਼ਾਸਨ, ਨਿਮਰਤਾ, ਏਕਤਾ ਅਤੇ ਸੇਵਾ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦੇ ਹਨ। ਅਕਾਲ ਯੂਨੀਵਰਸਿਟੀ ਵੱਲੋਂ ਹਮੇਸ਼ਾ ਇਹ ਯਤਨ ਕੀਤਾ ਜਾਂਦਾ ਹੈ ਕਿ ਵਿਦਿਆਰਥੀਆਂ ਨੂੰ ਅਕਾਦਮਿਕ ਕਾਬਲੀਅਤ ਦੇ ਨਾਲ-ਨਾਲ ਮਜ਼ਬੂਤ ਵਿਰਸੇ ਅਤੇ ਆਧਿਆਤਮਿਕ ਕਦਰਾਂ-ਕੀਮਤਾਂ ਨਾਲ ਵੀ ਜੋੜਿਆ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਜੀਵ ਪਿੰਟਾ ਨੇ ਸੁਖਵੀਰ ਸਿੰਘ ਬਾਦਲ ਨਾਲ ਕੀਤੀ ਮੁਲਾਕਾਤ, ਪਾਰਟੀ ਮਜਬੂਤੀ ਲਈ ਕੀਤੀ ਚਰਚਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ (ਬਾਦਲ) ਧੂਰੀ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਸ਼ਹਿਰੀ ਪ੍ਰਧਾਨ ਸੰਜੀਵ ਕੁਮਾਰ ਪਿੰਟਾ ਅਤੇ ਹੋਰ ਆਗੂਆਂ ਨੇ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਇਕ ਅਹਿਮ ਬੈਠਕ ਕੀਤੀ। ਇਸ ਮੀਟਿੰਗ ਦੌਰਾਨ ਹਲਕਾ ਧੂਰੀ ਦੀ ਸੰਗਠਨਾਤਮਕ ਮਜ਼ਬੂਤੀ ਅਤੇ ਆਉਣ ਵਾਲੇ ਸਮੇਂ ਦੀ ਰਾਜਨੀਤਿਕ ਰਣਨੀਤੀ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਸ੍ਰੀ ਬਾਦਲ ਨੇ ਕਿਹਾ ਉਹ ਜਲਦ ਧੂਰੀ ਵਿਧਾਨ ਸਭਾ ਹਲਕੇ ਦਾ ਦੌਰਾ ਕਰਨਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਣਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਧੂਰੀ ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਮਜ਼ਬੂਤ ਪਹਿਚਾਣ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਸਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾਣਗੇ। ਉਨ੍ਹਾਂ ਨੇ ਕਿਹਾ ਕਿ ਹਰ ਵਰਕਰ ਪਾਰਟੀ ਦੀ ਰੀੜ੍ਹ ਦੀ ਹੱਡੀ ਹੈ ਅਤੇ ਉਨ੍ਹਾਂ ਦੀ ਮਿਹਨਤ ਨਾਲ ਹੀ ਪਾਰਟੀ ਨੂੰ ਅਸਲੀ ਮਜ਼ਬੂਤੀ ਮਿਲਦੀ ਹੈ। ਇਸ ਮੌਕੇ ਸ਼ਹਿਰੀ ਪ੍ਰਧਾਨ ਸ੍ਰੀ ਪਿੰਟਾ ਨੇ ਕਿਹਾ ਕਿ ਸ਼ਹਿਰ ਤੇ ਪਿੰਡਾਂ ਵਿੱਚ ਪਾਰਟੀ ਨੂੰ ਹੋਰ ਸਰਗਰਮ ਬਣਾਉਣ ਲਈ ਵੱਖ-ਵੱਖ ਪ੍ਰੋਗਰਾਮ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨ ਲਈ ਵਚਨਬੱਧ ਰਹਿਣਗੇ।ਇਸ ਮੌਕੇ ਗੁਰਪ੍ਰੀਤ ਸਿੰਘ (ਪ੍ਰਧਾਨ ਯੂਥ ਪਲਾਸੌਰ), ਨਪਿੰਦਰ ਸਿੰਘ, ਵਰਿੰਦਰ ਸਿੰਘ ਕਿਲਾ ਹਕੀਮਾਂ, ਇੰਦਰਜੀਤ ਸਿੰਘ ਪਲਾਸੌਰ, ਸੁਖਦੇਵ ਸਿੰਘ ਕਾਤਰੋਂ, ਗੁਰਮੀਤ ਸਿੰਘ ਕਾਤਰੋਂ, ਸਤਿੰਦਰ ਸਿੰਘ, ਜੀਵਨ, ਜਗਸੀਰ, ਅਮਰਜੀਤ ਸਿੰਘ ਬੇਨੜਾ, ਭੋਲਾ ਸੇਖੋਂ ਸਰਪੰਚ ਅਤੇ ਸਰਬਜੀਤ ਸਿੰਘ ਕਾਤਰੋਂ ਸਮੇਤ ਹੋਰ ਆਗੂ ਅਤੇ ਵਰਕਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਐੱਸਐੱਮਓ ਡਾ. ਰਵੀ ਕਾਂਤ ਗੁਪਤਾ ਨੇ ਆਸ਼ਾ ਫੈਸਿਲੀਟੇਟਰਾਂ ਨਾਲ ਕੀਤੀ ਅਹਿਮ ਮੀਟਿੰਗ



ਤਲਵੰਡੀ ਸਾਬੋ, 19 ਮਾਰਚ (ਗੁਰਜੰਟ ਸਿੰਘ ਨਥੇਹਾ)- ਸੀਨੀਅਰ ਮੈਡੀਕਲ ਅਫ਼ਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਵੱਲੋਂ ਆਸ਼ਾ ਫੈਸਿਲੀਟੇਟਰਾਂ ਨਾਲ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਮੁੱਖ ਮੰਤਰੀ ਮਾਤਾ ਸਹਾਇਤਾ ਯੋਜਨਾ ਅਧੀਨ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਤੇਜ਼ ਕਰਨਾ ਅਤੇ ਇਸ ਯੋਜਨਾ ਬਾਰੇ ਵਿਆਪਕ ਜਾਗਰੂਕਤਾ ਫੈਲਾਉਣਾ ਸੀ, ਤਾਂ ਜੋ ਹਰ ਯੋਗ ਮਹਿਲਾ ਅਤੇ ਪਰਿਵਾਰ ਇਸਦਾ ਲਾਭ ਲੈ ਸਕੇ। ਮੀਟਿੰਗ ਦੌਰਾਨ ਡਾ. ਗੁਪਤਾ ਨੇ ਆਸ਼ਾ ਫੈਸਿਲੀਟੇਟਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਚਲਾਈ ਜਾ ਰਹੀ ਇਹ ਯੋਜਨਾ ਮਾਤਾ ਅਤੇ ਬੱਚੇ ਦੀ ਸਿਹਤ ਨੂੰ ਸੁਧਾਰਨ ਲਈ ਬਹੁਤ ਹੀ ਲਾਭਦਾਇਕ ਹੈ। ਉਨ੍ਹਾਂ ਨੇ ਜ਼ੋਰ ਦਿੱਤਾ ਕਿ ਆਸ਼ਾ ਵਰਕਰ ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਵਿੱਚ ਜਾ ਕੇ ਲੋਕਾਂ ਨੂੰ ਯੋਜਨਾ ਦੇ ਲਾਭਾਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਉਣ ਅਤੇ ਖ਼ਾਸ ਕਰਕੇ ਗਰਭਵਤੀ ਮਹਿਲਾਵਾਂ ਨੂੰ ਸਮੇਂ ਸਿਰ ਰਜਿਸਟ੍ਰੇਸ਼ਨ ਲਈ ਪ੍ਰੇਰਿਤ ਕਰਨ। ਉਨ੍ਹਾਂ ਨੇ ਸਾਰੇ ਆਸ਼ਾ ਫੈਸਿਲੀਟੇਟਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਅਧੀਨ ਕੰਮ ਕਰ ਰਹੀਆਂ ਆਸ਼ਾ ਵਰਕਰਾਂ ਦੀ ਨਿਗਰਾਨੀ ਕਰਦੇ ਹੋਏ ਇਹ ਯਕੀਨੀ ਬਣਾਉਣ ਕਿ ਹਰ ਇਕ ਵਰਕਰ ਵੱਲੋਂ ਵੱਧ ਤੋਂ ਵੱਧ ਯੋਗ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਕੀਤੀ ਜਾਵੇ। ਇਸਦੇ ਨਾਲ ਹੀ ਉਨ੍ਹਾਂ ਨੇ ਇਹ ਵੀ ਕਿਹਾ ਕਿ ਹਰ ਆਸ਼ਾ ਵਰਕਰ ਆਪਣੇ ਖੇਤਰ ਵਿੱਚ ਘਰ-ਘਰ ਜਾ ਕੇ ਲੋਕਾਂ ਨਾਲ ਸਿੱਧਾ ਸੰਪਰਕ ਬਣਾਏ, ਤਾਂ ਜੋ ਕਿਸੇ ਵੀ ਕਿਸਮ ਦੀ ਗਲਤਫਹਿਮੀ ਜਾਂ ਜਾਣਕਾਰੀ ਦੀ ਘਾਟ ਨਾ ਰਹੇ। ਮੀਟਿੰਗ ਵਿੱਚ ਇਹ ਵੀ ਚਰਚਾ ਕੀਤੀ ਗਈ ਕਿ ਕਿਵੇਂ ਡਿਜੀਟਲ ਮਾਧਿਅਮਾਂ ਅਤੇ ਸਿਹਤ ਕੇਂਦਰਾਂ ਰਾਹੀਂ ਵੀ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਆਸਾਨ ਬਣਾਇਆ ਜਾ ਸਕਦਾ ਹੈ। ਡਾ. ਗੁਪਤਾ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਇਸ ਯੋਜਨਾ ਦੇ ਪ੍ਰਭਾਵਸ਼ਾਲੀ ਲਾਗੂ ਕਰਨ ਲਈ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ ਸਮੇਂ-ਸਮੇਂ 'ਤੇ ਸਮੀਖਿਆ ਮੀਟਿੰਗਾਂ ਕਰਕੇ ਪ੍ਰਗਤੀ ਦਾ ਜਾਇਜ਼ਾ ਵੀ ਲਿਆ ਜਾਵੇਗਾ। ਉਨ੍ਹਾਂ ਨੇ ਆਸ਼ਾ ਵਰਕਰਾਂ ਦੀ ਭੂਮਿਕਾ ਦੀ ਸਰਾਹਨਾ ਕਰਦਿਆਂ ਕਿਹਾ ਕਿ ਸਿਹਤ ਸੇਵਾਵਾਂ ਨੂੰ ਲੋਕਾਂ ਦੇ ਦਰਵਾਜ਼ੇ ਤੱਕ ਪਹੁੰਚਾਉਣ ਵਿੱਚ ਆਸ਼ਾ ਵਰਕਰਾਂ ਦਾ ਯੋਗਦਾਨ ਬੇਹੱਦ ਮਹੱਤਵਪੂਰਨ ਹੈ। ਇਸ ਲਈ ਉਹਨਾਂ ਨੂੰ ਆਪਣੀ ਜ਼ਿੰਮੇਵਾਰੀ ਨੂੰ ਨਿਭਾਉਂਦਿਆਂ ਸਮਰਪਣ ਅਤੇ ਇਮਾਨਦਾਰੀ ਨਾਲ ਕੰਮ ਕਰਨਾ ਚਾਹੀਦਾ ਹੈ। ਅੰਤ ਵਿੱਚ, ਉਨ੍ਹਾਂ ਨੇ ਸਾਰੇ ਫੈਸਿਲੀਟੇਟਰਾਂ ਨੂੰ ਅਪੀਲ ਕੀਤੀ ਕਿ ਉਹ ਟੀਮ ਵਰਕ ਦੇ ਨਾਲ ਕੰਮ ਕਰਦੇ ਹੋਏ ਇਸ ਯੋਜਨਾ ਨੂੰ ਹਰ ਘਰ ਤੱਕ ਪਹੁੰਚਾਉਣ ਲਈ ਯਤਨਸ਼ੀਲ ਰਹਿਣ, ਤਾਂ ਜੋ ਕੋਈ ਵੀ ਹੱਕਦਾਰ ਪਰਿਵਾਰ ਇਸ ਯੋਜਨਾ ਦੇ ਲਾਭ ਤੋਂ ਵਾਂਝਾ ਨਾ ਰਹਿ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਸੰਤ ਕਰਤਾਰ ਸਿੰਘ ਜੀ ਖਾਲਸਾ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਵਾਲਾ ਵਿਖੇ

# ਐਥਲੈਟਿਕਸ ਤੇ ਹਾਕੀ ਅਕੈਡਮੀ ਦੀ ਸ਼ੁਰੂਆਤ




ਫ਼ਿਰੋਜ਼ਪੁਰ, 19 ਮਾਰਚ (ਮਨੋਹਰ ਲਾਲ) :— ਸੰਤ ਕਰਤਾਰ ਸਿੰਘ ਜੀ ਖਾਲਸਾ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਵਾਲਾ ਜ਼ੋ ਕਿ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੌਜੂਦਾ ਮੁਖੀ ਦਮਦਮੀ ਟਕਸਾਲ ਅਤੇ

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਧਾਨ ਸੰਤ ਸਮਾਜ ਦੀ ਰਹਿਨੁਮਾਈ ਹੇਠ ਚੱਲ ਰਿਹਾ ਹੈ। ਇਸ ਸਕੂਲ ਵਿਚ ਐਥਲੈਟਿਕਸ ਅਤੇ ਹਾਕੀ ਅਕੈਡਮੀ ਦੀ ਸ਼ੁਰੂਆਤ ਭਾਰਤ ਹਾਕੀ ਟੀਮ ਦੇ ਕਪਤਾਨ ਜਰਮਨਜੀਤ ਸਿੰਘ ਵੀ ਦਮਦਮੀ ਟਕਸਾਲ, ਮਹਿਤਾ ਚੌਂਕ ਦੇ ਚੱਲ ਰਹੇ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਸਕੂਲ ਦੀ ਹਾਕੀ ਟੀਮ ਦਾ ਖਿਡਾਰੀ ਰਹਿ ਚੁੱਕਾ ਹੈ, ਸੁਚੱਜੀ ਦੇਖ-ਰੇਖ ਹੇਠ ਐਥਲੈਟਿਕਸ ਅਤੇ ਹਾਕੀ ਅਕੈਡਮੀ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਡਾ: ਅਰਜੁਨ ਸਿੰਘ ਪ੍ਰਿੰਸੀਪਲ ਸੰਤ ਕਰਤਾਰ ਸਿੰਘ ਜੀ ਖਾਲਸਾ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬੱਚੇ ਅਤੇ ਖਿਡਾਰੀਆਂ ਦੀ ਮੰਗ ਨੂੰ ਵੇਖਦਿਆਂ ਹੋਇਆ ਮਹਾਂਪੁਰਖ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਨੇ ਇਹ ਉਪਰਾਲਾ ਕੀਤਾ ਹੈ ਤਾਂ ਜ਼ੋ ਮਹਾਂਪੁਰਖਾਂ ਵੱਲੋਂ ਇਹ ਨੇਕ ਉਪਰਾਲਾ ਇਲਾਕੇ ਦੀਆਂ ਸੰਗਤਾਂ ਲਈ ਕੀਤਾ ਜਾ ਰਿਹਾ ਹੈ ਤਾਂ ਜ਼ੋ ਵਿਦਿਆਰਥੀ ਵਿਦਿਆ ਦੇ ਨਾਲ—ਨਾਲ ਮਾਨਸਿਕ ਅਤੇ ਸਰੀਰਕ ਤੰਦਰੁਸਤ ਵੀ ਹੋ ਸਕਣ ਅਤੇ ਖੇਡ ਜਗਤ ਵਿਚ ਮਾਨ—ਸਨਮਾਨ ਹਾਸਲ ਕਰਦੇ ਹੋਏ ਆਪਣੇ ਮਾਂ—ਬਾਪ ਅਤੇ ਇਲਾਕੇ ਦਾ ਨਾਮ ਰੋਸ਼ਨ ਕਰ ਸਕਣ।

ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਬਰਾਂਚ ਦਮਦਮੀ ਟਕਸਾਲ ਮਹਿਤਾ ਝੋਕ ਮੋਹੜੇ ਵਿਖੇ

# ਅੰਮ੍ਰਿਤ ਸੰਚਾਰ ਕਰਵਾਇਆ ਗਿਆ

**ਫ਼ਿਰੋਜ਼ਪੁਰ, 19 ਮਾਰਚ (ਮਨੋਹਰ ਲਾਲ) :—** ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਬਰਾਂਚ ਦਮਦਮੀ ਟਕਸਾਲ ਮਹਿਤਾ ਝੋਕ ਮੋਹੜੇ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਕਲਗੀਧਰ ਦਸਮੇਸ਼ ਪਿਤਾ ਜੀ ਦੇ ਪੁੱਤਰ ਧੀਆਂ ਬਣੇ। ਇਸ ਮੌਕੇ ਤੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਦੇ ਸੇਵਾਦਾਰ ਬਾਬਾ ਰਛਪਾਲ ਸਿੰਘ ਨੇ ਬੋਲਦਿਆਂ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਸੰਗਤਾਂ ਅੰਮ੍ਰਿਤ ਛਕਣਾ ਚਾਹੀਦਾ ਹੈ ਤਾਂ ਜ਼ੋ ਮਨੁੱਖ ਦਾ ਆਪਾ ਸੁਧਰ ਸਕੇ। ਇਸ ਮੌਕੇ ਤੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਕਿਹਾ ਕਿ ਨਾਮ ਜਪਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੁੰਦੇ ਹਨ ਅਤੇ ਨਾਲ ਹੀ ਸਾਨੂੰ ਹਰ ਪ੍ਰਾਣੀ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਕਲਗੀਧਰ ਦਸਮੇਸ਼ ਪਿਤਾ ਜੀ ਦੇ ਪੁੱਤਰ ਧੀਆਂ ਬਣੋ।

ਆਵਾਜ਼ਿ ਕੌਮ AWAZE QAUM International Newspaper & WEB TV

ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ

# ਹਲਕਾ ਜੰਡਿਆਲਾ ਗੁਰੂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ



**ਜੰਡਿਆਲਾ ਗੁਰੂ, 19 ਮਾਰਚ ( ਕੁਲਵੰਤ ਸਿੰਘ ਵਿਰਦੀ )** - ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕਰਨ ਲਈ ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਹਲਕੇ ਦੇ ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਪੀ.ਐੱਸ.ਪੀ.ਸੀ.ਐੱਲ ਗੈਸਟ ਹਾਊਸ ਵਿਖੇ ਅਧਿਕਾਰੀਆਂ ਨਾਲ ਇੱਕ ਉੱਚ ਪੱਧਰੀ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਲੋਕ ਨਿਰਮਾਣ ਵਿਭਾਗ, ਪੰਚਾਇਤੀ ਰਾਜ, ਸੀਵਰੇਜ ਬੋਰਡ, ਮਿਊਂਨੀਸਿਪਲ ਕੌਂਸਲ, ਪੀ.ਐੱਸ.ਪੀ.ਸੀ.ਐੱਲ ਅਤੇ ਪੇਂਡੂ ਵਿਕਾਸ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਹਾਜ਼ਰੀ ਭਰੀ। ਮੀਟਿੰਗ ਦੌਰਾਨ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਹਲਕੇ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸੀ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਅਤੇ ਵਿਭਾਗ ਵਾਰ ਅਧਿਕਾਰੀਆਂ ਤੋਂ ਅਪਡੇਟ ਪ੍ਰਾਪਤ ਕੀਤੀ। ਉਨ੍ਹਾਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਾਰੇ ਕੰਮ ਨਿਰਧਾਰਿਤ ਸਮੇਂ ਅੰਦਰ, ਉੱਚ ਗੁਣਵੱਤਾ ਅਤੇ ਪੂਰੀ ਪਾਰਦਰਸ਼ਤਾ ਨਾਲ ਮੁਕੰਮਲ ਕੀਤੇ ਜਾਣ, ਤਾਂ ਜੋ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਪੂਰਾ ਲਾਭ ਮਿਲ ਸਕੇ। ਕੈਬਿਨੇਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਬੁਨਿਆਦੀ ਸੁਵਿਧਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਜੰਡਿਆਲਾ ਗੁਰੂ ਹਲਕੇ ਨੂੰ ਵਿਕਾਸ ਦੇ ਨਵੇਂ ਮਾਪਦੰਡਾਂ ਤੱਕ ਲਿਜਾਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਟੀਮ ਵਰਕ ਨਾਲ ਕੰਮ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਾਂਝੇ ਯਤਨਾਂ ਨਾਲ ਹੀ ਵਿਕਾਸ ਦੇ ਟੀਚੇ ਸਮੇਂ ਸਿਰ ਪ੍ਰਾਪਤ ਕੀਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹੇਗੀ। ਇਸ ਮੀਟਿੰਗ ਵਿੱਚ ਬਲਾਕ ਜੰਡਿਆਲਾ ਗੁਰੂ ਦੇ ਚੇਅਰਮੈਨ ਅਮਰੀਕ ਸਿੰਘ ਸੋਢੀ ਵੀ ਹਾਜ਼ਰ ਰਹੇ।

**ਅਧਿਕਾਰੀਆਂ ਨੂੰ ਸਾਰੇ ਵਿਕਾਸ ਕਾਰਜ ਤਹਿ ਸਮੇਂ ਅੰਦਰ ਮੁਕੰਮਲ ਕਰਨ ਦੀਆਂ ਹਦਾਇਤਾਂ ਦਿੱਤੀਆਂ**

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੰਡੀਅਨ ਜਰਨਲਿਸਟਸ ਯੂਨੀਅਨ ਦੀ 11ਵੀਂ ਪਲੈਨਰੀ ਵਿਜੇਵਾੜਾ ਵਿੱਚ 28-29 ਮਾਰਚ ਨੂੰ

## ਨਵੇਂ ਚੁਣੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ ਸਮੇਤ ਪੰਜਾਬ ਦੇ 9 ਆਗੂ ਸ਼ਮੂਲੀਅਤ ਕਰਨਗੇ




ਤਲਵੰਡੀ ਸਾਬੋ, 19 ਮਾਰਚ (ਗੁਰਜੰਟ ਸਿੰਘ ਨਥੇਹਾ)- ਇੰਡੀਅਨ ਜਰਨਲਿਸਟਸ ਯੂਨੀਅਨ (ਆਈ.ਜੇ.ਯੂ) ਦੀ 11ਵੀਂ ਪਲੈਨਰੀ 28-29 ਮਾਰਚ ਨੂੰ ਵਿਜੇਵਾੜਾ (ਅਮਰਾਵਤੀ) (ਆਂਧਰਾ ਪ੍ਰਦੇਸ਼) ਵਿੱਚ ਹੋਵੇਗੀ। ਆਈ.ਜੇ.ਯੂ ਪ੍ਰਧਾਨ ਕੇ. ਸ੍ਰੀਨਿਵਾਸ ਰੈੱਡੀ, ਸਕੱਤਰ ਜਨਰਲ ਬਲਵਿੰਦਰ ਸਿੰਘ ਜੰਮੂ ਅਤੇ ਸਕੱਤਰ ਡੀ. ਸੋਮ ਸੁੰਦਰ ਦੱਸਿਆ ਕਿ ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਐਨ. ਚੰਦਰਬਾਬੂ ਨਾਇਡੂ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕਰਨਗੇ ਅਤੇ ਪਹਿਲੇ ਸੈਸ਼ਨ ਦਾ ਉਦਘਾਟਨ ਕਰਨਗੇ। ਉਨ੍ਹਾਂ ਦੱਸਿਆ ਕਿ ਕਈ ਕੇਂਦਰੀ ਮੰਤਰੀ ਅਤੇ ਆਂਧਰਾ ਪ੍ਰਦੇਸ਼ ਦੇ ਮੰਤਰੀ ਵੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ। ਆਂਧਰਾ ਪ੍ਰਦੇਸ਼ ਯੂਨੀਅਨ ਆਫ਼ ਵਰਕਿੰਗ ਜਰਨਲਿਸਟਸ 34 ਸਾਲ ਬਾਅਦ ਆਈ.ਜੇ.ਯੂ ਪਲੈਨਰੀ ਦੀ ਮੇਜ਼ਬਾਨੀ ਕਰ ਰਹੀ ਹੈ। ਸੂਬਾਈ ਚੇਅਰਮੈਨ ਬਲਬੀਰ ਸਿੰਘ ਜੰਡੂ, ਪ੍ਰਧਾਨ ਜੈ ਸਿੰਘ ਛਿੱਬਰ, ਸਕੱਤਰ ਜਨਰਲ ਸੰਤੋਖ ਗਿੱਲ, ਬਿੰਦੂ ਸਿੰਘ, ਭੂਸ਼ਨ ਸੂਦ, ਦਵਿੰਦਰ ਸਿੰਘ ਭੰਗੂ, ਰਾਜਨ ਮਾਨ, ਸੁਖਨੈਬ ਸਿੰਘ ਸਿੱਧੂ ਅਤੇ ਹਰਜੀਤ ਸਿੰਘ ਕਪੂਰਥਲਾ ਪੰਜਾਬ ਦੀ ਨੁਮਾਇੰਦਗੀ ਕਰਨਗੇ। ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਸੰਤੋਖ ਗਿੱਲ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਇਸ ਤੋਂ ਪਹਿਲਾਂ 1992 ਵਿੱਚ ਵਿਜੇਵਾੜਾ ਵਿੱਚ ਦੂਜੀ ਆਈ.ਜੇ.ਯੂ ਪਲੈਨਰੀ ਹੋਈ ਸੀ। 25 ਰਾਜਾਂ ਦੀਆਂ ਐਫੀਲੀਏਟਿਡ ਯੂਨੀਅਨਾਂ ਦੇ ਚੁਣੇ ਹੋਏ ਨੁਮਾਇੰਦੇ, ਸੂਬਾਈ ਪ੍ਰਧਾਨ ਅਤੇ ਜਨਰਲ ਸਕੱਤਰ ਇਸ ਪਲੈਨਰੀ ਵਿੱਚ ਭਾਗ ਲੈਣਗੇ। ਪਲੈਨਰੀ ਵਿੱਚ ਪੇਸ਼ੇਵਾਰ ਮੁੱਦਿਆਂ, ਭਾਰਤ ਵਿੱਚ ਮੀਡੀਆ ਦੀ ਮੌਜੂਦਾ ਸਥਿਤੀ, ਮੀਡੀਆ ਦੀ ਅਜ਼ਾਦੀ ਉਪਰ ਹਾਲੀਆ ਖ਼ਤਰਿਆਂ ਤੋਂ ਇਲਾਵਾ ਅਤੇ ਜਥੇਬੰਦਕ ਮਾਮਲਿਆਂ 'ਤੇ ਵੀ ਚਰਚਾ ਹੋਵੇਗੀ। ਕਾਨਫ਼ਰੰਸ ਵਿਚ ਪੱਤਰਕਾਰਾਂ ਦੀਆਂ ਮੰਗਾਂ ਨੂੰ ਅੱਗੇ ਵਧਾਉਣ ਲਈ ਯੋਜਨਾਬੰਦੀ ਤਿਆਰ ਕਰੇਗੀ, ਜਿਸ ਵਿੱਚ ਪੇਸ਼ੇਵਾਰ ਅਤੇ ਪੱਤਰਕਾਰਾਂ ਦੀ ਭਲਾਈ ਲਈ ਉਪਾਅ ਸ਼ਾਮਲ ਹੋਣਗੇ। ਪਲੈਨਰੀ ਵਿੱਚ ਅਗਲੇ ਦੋ ਸਾਲਾਂ ਲਈ ਨਵੀਂ ਨੈਸ਼ਨਲ ਐਗਜ਼ੀਕਿਊਟਿਵ ਕਮੇਟੀ ਦੀ ਚੋਣ ਵੀ ਕੀਤੀ ਜਾਵੇਗੀ ਅਤੇ ਨਵੇਂ ਚੁਣੇ ਗਏ ਕੌਮੀ ਪ੍ਰਧਾਨ ਬਲਵਿੰਦਰ ਜੰਮੂ ਅਤੇ ਸਕੱਤਰ ਜਨਰਲ ਡੀ ਸੋਮ ਸੁੰਦਰ ਕਾਰਜ ਭਾਰ ਸੰਭਾਲਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਪੁਣਯਤਿਥੀ ਮੌਕੇ ਬੁਜ਼ੁਰਗਾਂ ਤੇ ਬੱਚਿਆਂ ਨੂੰ ਭੋਜਨ ਕਰਵਾ ਕੇ ਦਿੱਤੀ ਸ਼ਰਧਾਂਜਲੀ, ਸੇਵਾ ਦੀ ਮਿਸਾਲ ਪੇਸ਼





ਫ਼ਿਰੋਜ਼ਪੁਰ, 19 ਮਾਰਚ (ਮਨੋਹਰ ਲਾਲ) :— ਫ਼ਿਰੋਜ਼ਪੁਰ ਗਰੁੱਪ ਆਫ ਕਾਲਜ ਅਤੇ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਦੇ ਚੇਅਰਮੈਨ ਸ਼੍ਰੀ ਹੀਰਾ ਲਾਲ ਸ਼ਰਮਾ ਨੇ ਆਪਣੇ ਸਵਰਗਵਾਸੀ ਪਿਤਾ ਯੋਗ ਰਾਜ ਸ਼ਰਮਾ ਦੀ ਬਰਸੀ ਮੌਕੇ ਇਕ ਸਰਾਹਣਯੋਗ ਪਹਿਲ ਕਰਦਿਆਂ ਆਸ਼ਰਮ ਵਿੱਚ ਬੁਜ਼ੁਰਗਾਂ ਅਤੇ ਗੁਰੁਕਲ ਦੇ ਬੱਚਿਆਂ ਨੂੰ ਸ਼ਰਧਾ ਨਾਲ ਭੋਜਨ ਕਰਵਾਇਆ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇਸ ਮੌਕੇ ਸੇਵਾ, ਸਤਿਕਾਰ ਅਤੇ ਸੰਸਕਾਰ ਦੀ ਸੁੰਦਰ ਮਿਸਾਲ ਵੇਖਣ ਨੂੰ ਮਿਲੀ। ਪ੍ਰੋਗਰਾਮ ਦੌਰਾਨ ਮੌਜੂਦ ਲੋਕਾਂ ਨੇ ਵੀ ਸਵ: ਯੋਗ ਰਾਜ ਸ਼ਰਮਾ ਨੂੰ ਭਾਵਭੀਨੀ ਸ਼ਰਧਾਂਜਲੀ ਅਰਪਿਤ ਕੀਤੀ ਅਤੇ ਉਨ੍ਹਾਂ ਦੇ ਜੀਵਨ ਮੁੱਲਾਂ ਨੂੰ ਯਾਦ ਕੀਤਾ। ਆਸ਼ਰਮ ਕਮੇਟੀ ਦੇ ਪ੍ਰਧਾਨ ਹਰਿਸ਼ ਗੋਇਲ ਨੇ ਇਸ ਪੁਨੀਤ ਕਾਰਜ ਲਈ ਸ਼੍ਰੀ ਹੀਰਾ ਲਾਲ ਸ਼ਰਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਕੰਮ ਸਮਾਜ ਵਿੱਚ ਸਕਾਰਾਤਮਕ ਸੰਦੇਸ਼ ਦਿੰਦੇ ਹਨ ਅਤੇ ਲੋੜਵੰਦਾਂ ਦੀ ਸੇਵਾ ਲਈ ਪ੍ਰੇਰਿਤ ਕਰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਬੱਚਿਆਂ ਨੂੰ ਸ਼ਹੀਦਾਂ ਦੀ ਸੋਚ ਤੇ ਪਹਿਰਾ ਦੇਣ ਦਾ ਹਲਫ ਦਿਵਾਇਆ—ਪੀ.ਸੀ ਕੁਮਾਰ

ਫ਼ਿਰੋਜ਼ਪੁਰ, 19 ਮਾਰਚ (ਮਨੋਹਰ ਲਾਲ) :— ਅੱਜ ਅਸੀਂ ਦਿਨ ਲੋਕਲ ਨੈਸ਼ਨਲ ਇੰਟਰਨੈਸ਼ਨਲ ਕੋਈ ਨਾ ਕੋਈ 365 ਦਿਨ ਕਿਉਂਕਿ ਭਾਰਤ ਦੇਸ਼ ਹੀ ਇਕ ਅਜਿਹਾ ਦੇਸ਼ ਹੈ ਜਿਥੇ ਕਿਸੇ ਵੀ ਦੇਸ਼ ਦੇ ਕੋਨੇ ਤੇ ਚਲੇ ਜਾਓ ਉਥੇ ਰੋਜਾਨਾ ਹੀ ਕੋਈ ਨਾ ਕੋਈ ਧਾਰਮਿਕ, ਸਮਾਜਿਕ, ਲੋਕਲ ਤੇ ਦੂਜੇ ਤਿਉਹਾਰਾਂ, ਅਖਬਾਰਾਂ, ਟੀ.ਬੀ ਚੈਨਲਾਂ ਤੇ ਦੂਜੇ ਸੰਚਾਰ ਸਾਧਣਾਂ ਵਿਚ ਪੜ੍ਹਣ ਸੁਨਣ ਵੇਖਣ ਨੂੰ ਮਿਲਦੇ ਹਨ, ਜਿਨ੍ਹਾਂ ਪਿਛੇ ਕੋਈ ਨਾ ਕੋਈ ਜਾਤੀ ਜਾਂ ਫਿਰ ਸਮਾਜ, ਧਾਰਮਿਕ ਲੋਕ ਭਲਾਈ ਚਾਹੇ ਉਹ ਸਰੀਰਕ, ਮਾਨਸਿਕ, ਸਮਾਜਿਕ ਕੁਰੀਤੀਆਂ, ਬਿਮਾਰੀਆਂ, ਲੋਕ ਹਿੱਤ ਜ਼ਰੂਰ ਹੁੰਦਾ ਹੈ, ਪਰ ਸਮੇਂ ਦੇ ਨਾਲ ਇਸ ਵਿਚ ਇਹੋ ਜਿਹੀਆਂ ਗਿਰਾਵਟਾਂ ਆ ਗਈਆਂ, ਜਿਨ੍ਹਾਂ ਸਦਕਾ ਸਾਡੀ ਸੰਸਕ੍ਰਿਤੀ ਪਿਛੋਕੜ, ਵਿਰਸੇ ਨੂੰ ਭੁਲਾ ਇਹ ਤਿਉਹਾਰਾਂ ਨੂੰ ਇਕੋ ਦਿਖਾਵਾ ਸਰਕਾਰੂ ਜੀਤੀ ਹਿੱਤਾਂ ਦੀ ਪੂਰਤੀ ਜਾਂ ਫਿਰ ਸ਼ਾਨੋ ਸ਼ੌਕਤ ਈਟ ਡਰਿੰਕਐਂਤ ਬੀ ਮੇਰੀ ਬਨਾ ਇਕ ਸਰਕਾਰ ਅਖਬਾਰੀ ਖਬਰ ਬਨਾ ਅੱਜ ਅਨੇਕਾਂ ਕੁਰੀਤੀਆਂ ਪਲਪ ਰਹਆਂ, ਇਹ ਜ਼ੋ ਨਸ਼ਿਆਂ ਦਾ ਪ੍ਰਕੋਪ ਫਾਸਟ ਫੂਡ, ਮੋਬਾਇਲਾਂ ਦੀ ਦੁਰਵਰਤੋਂ ਸੋਸ਼ਾਬਾਜੀ ਜਿਨ੍ਹਾਂ ਨੇ ਸਾਡਾ ਜੀਵਨ ਦੁਰਲਭ ਕਰ ਦਿੱਤਾ, ਇਹੀ ਹਾਲ ਇਨ੍ਹਾਂ ਸ਼ਹੀਦਾਂ ਦੀਆਂ ਦਿੱਤੀਆਂ ਸ਼ਹੀਦੀਆਂ ਦਾ ਜਾਤੀ ਕਰਨ, ਧਾਰਮਿਕ, ਰਾਜਨੀਕਲਾ ਭਲੈਣ ਵੋਟਾਂ ਦੀ ਰਾਜਨੀਤੀ ਤੇ ਸਰਕਾਰੂ ਬਨ ਅੱਜ ਇਕੋ ਇਕ ਡੁਟੀ ਡੁਟ ਪਰ ਪਤਾ ਨਹੀਂ ਇਨ੍ਹਾਂ ਬਾਰੇ ਇਲ ਦਾ ਨਾਮ ਕੁਕੜ ਭਾਵੇਂ ਕੋਈ ਸ਼ਹੀਦਾਂ ਬਾਰੇ ਦੇਸ਼ ਬਾਰੇ ਸਾਡੇ ਫਰਜਾਂ ਬਾਰੇ ਬਿਲਕੁਲ ਅਸੀਂ ਜ਼ੀਰੋ ਹਾਂ ਜੇ ਇਕ ਦਿਨ ਮਨਾ ਖਬਰ ਲਵਾ ਫਿਰ 365 ਦਿਨ ਮਗਰੋਂ ਫਿਰ ਯਾਦ ਜਦੋਂ ਕਿ ਇਹ ਸੰਸਥਾ ਸਦਾਵਰਤ ਪੰਚਾਇਤੀ ਦਾ ਕਾਰਜਕਰਤਾ ਰੋਜਾਨਾ ਇਹ ਦਿਨ ਮਨਾ ਬੱਚਿਆਂ, ਮਾਪਿਆਂ ਨੂੰ ਨੇਕ ਕਾਰਜਾਂ ਵੱਲ ਲਗਾ ਰਿਹਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

### ਕੰਬੋਜ ਫਾਊਂਡੇਸ਼ਨ ਪੰਜਾਬ ਦੇ

# ਡਾ: ਮੰਗਲ ਸਿੰਘ ਕਿਸ਼ਨਪੁਰੀ ਬਣੇ ਚੇਅਰਮੈਨ ਸ੍ਰ: ਕਿਰਪਾਲ ਸਿੰਘ ਰਾਮਦਵਾਲੀ





**ਜੰਡਿਆਲਾ ਗੁਰੂ, 19 ਮਾਰਚ ( ਕੁਲਵੰਤ ਸਿੰਘ ਵਿਰਦੀ )**-ਕੰਬੋਜ ਫਾਊਂਡੇਸ਼ਨ ਪੰਜਾਬ ਦੀ ਇਕੱਤਰਤਾ ਸਰਦਾਰ ਸ਼ਹੀਦ ਊਧਮ ਸਿੰਘ ਵੈਲਫੇਅਰ ਟਰਸਟ ਚੰਡੀਗੜ੍ਹ ਵਿੱਚ ਹੋਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਫਾਊਂਡੇਸ਼ਨ ਦੇ ਮੈਂਬਰ ਇਕੱਠੇ ਹੋਏ ਅਤੇ ਫਾਊਂਡੇਸ਼ਨ ਦੀ ਗਵਰਨਿੰਗ ਬਾਡੀ ਸਰਬ ਸੰਮਤੀ ਨਾਲ ਚੁਣੀ ਗਈ, ਜਿਸ ਵਿੱਚ ਡਾਕਟਰ ਸੰਦੀਪ ਸਿੰਘ ਕੋੜਾ, ਡਾ.ਮੰਗਲ ਸਿੰਘ ਕਿਸ਼ਨਪੁਰੀ ਨੂੰ ਚੇਅਰਮੈਨ ਚੁਣਿਆ ਗਿਆ, ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਨੇ ਆਪਣੇ ਸਹਿਯੋਗੀਆਂ ਦੀ ਸਲਾਹ ਨਾਲ ਆਪਣੀ ਟੀਮ ਦੀ ਚੋਣ ਕੀਤੀ, ਮਾਨ ਸਿੰਘ ਧੰਮ ਸੀਨੀਅਰ ਵਾਈਸ ਚੇਅਰਮੈਨ, ਹਰਪਾਲ ਸਿੰਘ, ਜਰਨੈਲ ਸਿੰਘ ਵਾਈਸ ਚੇਅਰਮੈਨ, ਬੀ ਐਸ ਧੰਜੂ ਸਕੱਤਰ,ਜਤਿੰਦਰ ਸਿੰਘ ਖਜ਼ਾਨਚੀ, ਹਰਦੀਪ ਸਿੰਘ ਸਨੌਰ ਜੋਇੰਟ ਖਜਾਨਚੀ,ਮਨਿੰਦਰ ਸਿੰਘ ਜੋਇੰਟ ਸਕੱਤਰ ਚੁਣੇ ਗਏ, ਇਸ ਮੌਕੇ ਮਤਾ ਪਾਸ ਕਰਕੇ ਫਾਊਂਡੇਸ਼ਨ ਨਾਲ ਜੁੜੇ ਕੁਝ ਲੋਕਾ ਨੂੰ ਅਪੀਲ ਕੀਤੀ ਗਈ ਕਿ ਉਹ ਗਲਤ ਪ੍ਰਚਾਰ ਕਰਨ ਦੀ ਬਜਾਏ ਫਾਊਂਡੇਸ਼ਨ ਵੱਲੋਂ ਸ਼ਹੀਦ ਦੇ ਸਨਮਾਨ ਹਿਤ ਯੂਨੀਵਰਸਿਟੀ ਬਣਾਉਣ ਵਿੱਚ ਸਾਥ ਦੇਣ, ਇਸ ਮੌਕੇ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਨੇ ਕਿਹਾ ਕਿ ਜਿਸ ਤਰ੍ਹਾਂ ਦੇ ਟੀਚੇ ਦਿੱਤੇ ਗਏ ਸੀ ਉਨਾਂ ਤੇ ਲਗਾਤਾਰ ਕੰਮ ਜਾਰੀ ਰਹੇਗਾ । 31 ਜੁਲਾਈ ਤੱਕ ਯੂਨੀਵਰਸਿਟੀ ਦਾ ਮਿਥਿਆ ਕੰਮ ਸ਼ੁਰੂ ਕਰਵਾਉਣ ਦੇ ਨਾਲ ਹੀ ਸਾਡਾ ਮਨੋਰਥ ਇਹ ਹੈ ਕਿ ਪੰਜਾਬ ਸਰਕਾਰ ਇੱਕ ਵਿਸ਼ੇਸ਼ ਸੈਸ਼ਨ ਸ਼ਹੀਦ ਦੀ ਜਨਮ ਭੂਮੀ ਸੁਨਾਮ ਜਾਂ ਫਿਰ ਯੂਨੀਵਰਸਿਟੀ ਕੈਂਪਸ ਕਪੂਰਥਲਾ ਵਿਖੇ ਕਰਕੇ ਇਸ ਦਾ ਬਕਾਇਦਾ ਸ਼ੁਰੂਆਤ ਕੀਤੀ ਜਾਵੇ ।ਉਹਨਾਂ ਦੱਸਿਆ ਕਿ ਯੂਨੀਵਰਸਿਟੀ ਵਿੱਚੋਂ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੋਂ ਫੀਸਾਂ ਨਹੀਂ ਲਈਆਂ ਜਾਣਗੀਆਂ। ਇੱਕ ਵਰਗ ਦੇ ਵਿਦਿਆਰਥੀ ਦੀਆਂ ਫੀਸਾਂ ਦਾ ਭੁਗਤਾਨ ਸਰਕਾਰੀ ਤੌਰ ਤੇ ਹੋਵੇਗਾ ਅਤੇ ਕੁਝ ਨੂੰ ਵਿਦਿਅਕ ਲੋਨ ਦੇ ਆਧਾਰ ਤੇ ਹੁਨਰ ਦੇ ਪ੍ਰਪੱਖ ਕਰਨ ਤੋਂ ਬਾਅਦ ਦੇਸ਼ ਅਤੇ ਵਿਦੇਸ਼ ਵਿੱਚ ਰੁਜ਼ਗਾਰ ਦੇ ਮੌਕੇ ਮੁਹਈਆ ਕਰਵਾਇਆ ਜਾਣਗੇ,ਇਸ ਮੌਕੇ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਪਹਿਲੀ ਵਾਰ ਹੋ ਰਿਹਾ ਹੈ ਕਿ ਕੋਈ ਭਾਈਚਾਰਾ ਉਸ ਸ਼ਹੀਦ ਦੇ ਨਾਮ ਤੇ ਵੱਡਾ ਵਿਦਿਆ ਦਾ ਚਾਨਣ ਮੁਨਾਰਾ ਸਥਾਪਿਤ ਕਰਨ ਜਾ ਰਿਹਾ ਜਿਸ ਨੇ ਜਿੱਥੇ ਆਪਣੇ ਮਿਥੇ ਟੀਚੇ ਨੂੰ ਕਈ ਸਾਲਾਂ ਬਾਅਦ ਹਾਸਿਲ ਕੀਤਾ, ਉਥੇ ਜਾਤ ਪਾਤ ਦਾ ਉਹਨਾਂ ਵੇਲਿਆਂ ਵਿੱਚ ਖੰਡਨ ਕੀਤਾ ਜਦੋਂ ਕਿ ਸਾਰੇ ਸਮਾਜ ਵਿੱਚ ਜਾਤੀਵਾਦ ਦਾ ਵੱਡਾ ਬੋਲਬਾਲਾ ਸੀ, ਅੱਜ ਫਿਰ ਇੱਕ ਮੂਵਮੈਂਟ ਖੜੀ ਕੀਤੀ ਜਾ ਰਹੀ ਹੈ ਕਿ ਬਿਨਾਂ ਜਾਤਵਾਦ ਦਾ ਫਰਕ ਤੇ ਹਰ ਵਿਦਿਆਰਥੀ ਨੂੰ ਹੁਣ ਹੁਨਰਮੰਦ ਬਣਾ ਕੇ ਵਿਦਿਆਰਥੀ ਦੀ ਸਫਲ ਮੰਜਿਲ ਤੱਕ ਪਹੁੰਚਾਇਆ ਜਾਵੇ।

**ਸਾਡੀ ਮੂਵਮੈਂਟ ਹਰ ਵਿਦਿਆਰਥੀ ਨੂੰ ਹੁਨਰਮੰਦ ਬਣਾ ਕੇ ਵਿਦਿਆਰਥੀ ਦੀ ਸਫਲ ਮੰਜਿਲ ਤੱਕ ਪਹੁੰਚਾਇਆ ਜਾਵੇ-ਡਾ: ਕਿਸ਼ਨਪੁਰੀ**

### ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ-ਪੰਜਾਬ ਸਰਕਾਰ ਦੇ ਦੋ ਵਿਭਾਗਾਂ ਦੇ ਸਾਬਕਾ ਚੇਅਰਮੈਨ

# ਸ੍ਰ ਗੁਰਦੇਵ ਸਿੰਘ ਸੰਧੂ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਹੋਏ ਸ਼ਾਮਿਲ



**ਅੰਮ੍ਰਿਤਸਰ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੱਜ ਪ੍ਰੈਸ ਕਲੱਬ ਅੰਮ੍ਰਿਤਸਰ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇਕ ਮਹੱਤਵਪੂਰਨ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਮੌਕੇ 'ਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੇ ਪੰਜਾਬ ਸਰਕਾਰ ਦੇ ਦੋ ਵਿਭਾਗਾਂ ਪੰਜਾਬ ਸਿਹਤ ਵਿਭਾਗ, ਪੰਜਾਬ ਜੰਗਲਾਤ ਵਿਭਾਗ ਦੇ ਸਾਬਕਾ ਚੇਅਰਮੈਨ ਅਤੇ ਉੱਘੇ ਸਮਾਜ ਸੇਵੀ ਸੱਚ ਦਾ ਸਾਥ ਸੰਸਥਾ ਦੇ ਪੰਜਾਬ ਪ੍ਰਧਾਨ ਸ੍ਰ ਗੁਰਦੇਵ ਸਿੰਘ ਸੰਧੂ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਇਸ ਦੌਰਾਨ ਗੱਲਬਾਤ ਕਰਦੇ ਹੋਏ ਸ੍ਰ ਗੁਰਦੇਵ ਸਿੰਘ ਸੰਧੂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਪੰਥ ਅਤੇ ਪੰਜਾਬ ਵਿਰੋਧੀ ਨੀਤੀਆਂ ਤੋਂ ਬਹੁਤ ਤੰਗ ਆ ਚੁੱਕੇ ਸਨ। ਉਨ੍ਹਾਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਮਸਲਾ ਚਰਮ ਸੀਮਾ 'ਤੇ ਪਹੁੰਚ ਚੁੱਕਾ ਹੈ, ਪਰ ਸਰਕਾਰ ਇਸਨੂੰ ਰੋਕਣ ਵਿੱਚ ਪੂਰੀ ਤਰ੍ਹਾਂ ਅਸਫ਼ਲ ਰਹੀ ਹੈ। ਇਸਦੇ ਨਾਲ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋਈਆਂ ਬੇਅਦਬੀਆਂ ਦੇ ਮਾਮਲੇ ਵਿੱਚ ਕੀਤੇ ਵਾਅਦੇ ਮੁਤਾਬਿਕ ਸਰਕਾਰ ਦੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਦੋਸ਼ੀਆਂ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ, ਜੋ ਕਿ ਬਹੁਤ ਹੀ ਦੁੱਖਦਾਈ ਅਤੇ ਨਿੰਦਣਯੋਗ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਥ ਅਤੇ ਪੰਜਾਬ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਵੱਖ-ਵੱਖ ਥਾਵਾਂ 'ਤੇ ਹੋ ਰਹੇ ਰੋਸ ਪ੍ਰਦਰਸ਼ਨਾਂ ਅਤੇ ਧਰਨਿਆਂ ਨੂੰ ਸਰਕਾਰ ਵੱਲੋਂ ਪੂਰੀ ਤਰ੍ਹਾਂ ਨਜ਼ਰਅੰਦਾਜ ਕੀਤਾ ਜਾ ਰਿਹਾ ਹੈ, ਜਦਕਿ ਸਾਰੀ ਤਵੱਜੋਂ ਦਿੱਲੀ ਦੇ ਆਕਾਵਾਂ ਨੂੰ ਖੁਸ਼ ਕਰਨ 'ਤੇ ਕੇਂਦਰਿਤ ਕੀਤੀ ਜਾ ਰਹੀ ਹੈ। ਇਸਦੇ ਇਲਾਵਾ ਸਿੱਖ ਨੌਜਵਾਨਾਂ ਪ੍ਰਤੀ ਭਗਵੰਤ ਮਾਨ ਸਰਕਾਰ ਦਾ ਮਾਰੂ ਰਵੱਈਆ ਵੀ ਗੰਭੀਰ ਚਿੰਤਾ ਦਾ ਵਿਸ਼ਾ ਹੈ। ਖ਼ਾਸ ਕਰਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਲੰਬੇ ਸਮੇਂ ਤੋਂ ਨਾਜਾਇਜ਼ ਤੌਰ 'ਤੇ ਨਜ਼ਰਬੰਦ ਰੱਖਣ ਦੇ ਮਾਮਲੇ ਨੇ ਉਨ੍ਹਾਂ ਨੂੰ ਅੰਦਰੋਂ ਝੰਝੋੜ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਸਾਰੇ ਮਾਹੌਲ ਵਿੱਚ ਉਹ ਬਹੁਤ ਹੀ ਘੁਟਨ ਮਹਿਸੂਸ ਕਰ ਰਹੇ ਸਨ, ਜਿਸ ਕਾਰਨ ਉਨ੍ਹਾਂ ਨੇ ਭਰੇ ਹੋਏ ਮਨ ਨਾਲ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਪੱਲਾ ਫੜਿਆ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਉਹ ਹੁਣ ਪੰਥ ਅਤੇ ਪੰਜਾਬ ਦੀ ਭਲਾਈ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਸ੍ਰ ਗੁਰਦੇਵ ਸਿੰਘ ਸੰਧੂ ਦਾ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਤਹਿ ਦਿਲੋਂ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸ਼ਾਮਿਲ ਹੋਣ ਨਾਲ ਪਾਰਟੀ ਨੂੰ ਵੱਡੀ ਮਜ਼ਬੂਤੀ ਮਿਲੇਗੀ ਅਤੇ ਪੰਥਕ ਸੰਘਰਸ਼ ਨੂੰ ਹੋਰ ਤਾਕਤ ਵੀ ਮਿਲੇਗੀ। ਇਸ ਮੌਕੇ ਤੇ ਅਕਾਲੀ ਦਲ ਵਾਰਿਸ ਪੰਜਾਬ ਦੀ ਸੀਨੀਅਰ ਲੀਡਰਸ਼ਿਪ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਜੁਗਰਾਜ ਸਿੰਘ ਭੰਗਵਾਂ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਜਸਵਿੰਦਰ ਸਿੰਘ ਬਾਦਲ, ਪੀ ਏ ਸਰਵਨ ਸਿੰਘ ਜਮਸਤਪੁਰ, ਭਾਈ ਕੁਲਦਮਨਰੂਪ ਸਿੰਘ, ਭਾਈ ਰਜਿੰਦਰ ਸਿੰਘ ਤਲਵੰਡੀ ਹਾਜਿਰ ਸਨ।

# ਹਿੰਦੂ ਤੇ ਸਿਖ ਆਗੂਆਂ ਨੇ ਮੁਸਲਿਮ ਭਾਈਚਾਰੇ ਦੇ ਲੋਕਾਂ ਲਈ ਰੋਜ਼ੇ ਇਫ਼ਤਿਹਾਰ ਪਾਰਟੀ ਕਰਵਾਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਨੇੜਲੇ ਪਿੰਡ ਖੇੜੀ ਜੱਟਾਂ ਵਿਖੇ ਰਮਜ਼ਾਨ ਦੇ ਪਵਿੱਤਰ ਮਹੀਨੇ ਦੀਆਂ ਖੁਸ਼ੀਆਂ ਨੂੰ ਸਾਂਝਾ ਕਰਦਿਆਂ ਇੱਕ ਵਿਸ਼ੇਸ਼ 'ਰੋਜ਼ਾ ਇਫ਼ਤਿਆਰ' ਪਾਰਟੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੁਸਲਿਮ ਭਾਈਚਾਰੇ ਨੂੰ ਸਿੱਖ ਤੇ ਹਿੰਦੂ ਭਾਈਚਾਰੇ ਦੇ ਲੋਕਾਂ ਨੇ ਮਸਜਿਦ 'ਚ ਰੋਜੇ ਖੁਲਵਾ ਕੇ ਖੁਸ਼ੀ ਸਾਂਝੀ ਕਰਦਿਆਂ ਆਪਸੀ ਭਾਈਚਾਰਕ ਸਾਂਝ ਦਾ ਸੁਨੇਹਾ ਦਿੱਤਾ। ਇਸ ਮੌਕੇ ਪ੍ਰੈੱਸ ਕਲੱਬ ਸੰਗਰੂਰ ਦੇ ਆਗੂ ਤੇ ਸੀਨੀਅਰ ਪੱਤਰਕਾਰ ਫਤਿਹ ਪ੍ਰਭਾਕਰ ਨੇ ਕਿਹਾ ਕਿ ਰੋਜ਼ੇ ਸਿਰਫ਼ ਭੁੱਖ-ਪਿਆਸ ਦਾ ਨਾਮ ਨਹੀਂ, ਬਲਕਿ ਇਹ ਇਬਾਦਤ, ਸਬਰ ਅਤੇ ਪਾਕੀਜ਼ਗੀ ਦਾ ਪ੍ਰਤੀਕ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਇਫ਼ਤਾਰ ਪਾਰਟੀਆਂ ਸਮਾਜ ਵਿੱਚ ਆਪਸੀ ਮੁਹੱਬਤ, ਖ਼ਿਦਮਤ-ਏ-ਖ਼ਲਕ ਅਤੇ ਭਾਈਚਾਰਕ ਏਕਤਾ ਦੀਆਂ ਤੰਦਾਂ ਨੂੰ ਮਜ਼ਬੂਤ ਕਰਦੀਆਂ ਹਨ। ਇਸ ਮੌਕੇ ਖ਼ਾਸ ਤੌਰ 'ਤੇ ਸਰਪੰਚ ਹਰਪ੍ਰੀਤ ਸਿੰਘ ਖੇੜੀ, ਸਾਬਕਾ ਸੰਮਤੀ ਮੈਂਬਰ ਸੁਰਜੀਤ ਸਿੰਘ ਖੇੜੀ, ਬਲਵਿੰਦਰ ਸਿੰਘ ਸਾਬਕਾ ਪੰਚ, ਜਗਜੀਤ ਸਿੰਘ ਸਾਬਕਾ ਪੰਚ, ਹਰਜਿੰਦਰ ਸਿੰਘ ਖੇੜੀ,ਗਗਨਦੀਪ ਸਿੰਘ ਬਲਿੰਗ, ਨੇ ਰੋ.ਜੇ ਇ.ਫਤਿਹਾਰ ਪਾਰਟੀ 'ਚ ਸ਼ਮੂਲੀਅਤ ਕਰਦਿਆ ਪ੍ਰਬੰਧਾਂ 'ਚ ਉਤਸ਼ਾਹੀ ਭੂਮਿਕਾ ਨਿਭਾਈ। ਮੁਸਲਿਮ ਭਾਈਚਾਰੇ 'ਚੋਂ ਮੌਲਵੀ ਮੁਹੰਮਦ ਸ਼ਫੀਕ, ਕਾਕਾ ਖਾਂ, ਨਾਜਰ ਖਾਂ, ਸਿਕੰਦਰ ਖਾਂ, ਭੋਲਾ ਖਾਂ ਨੇ ਪ੍ਰੈਸ ਕਲੱਬ ਸੰਗਰੂਰ ਅਤੇ ਪਿੰਡ ਵਾਸੀਆਂ ਵੱਲੋਂ ਕੀਤੇ ਉੱਦਮ ਨੂੰ ਭਾਈਚਾਰਕ ਏਕਤਾ ਦੀਆਂ ਤੰਦਾ ਨੂੰ ਮਜਬੂਤ ਕਰਨ ਲਈ ਰਾਹ ਦਰਸਾਊ ਤੇ ਪ੍ਰੇਰਣਾਸਰੋਤ ਦੱਸਿਆ।

# ਸਾਰੇ ਯੋਗ ਲਾਭਪਾਤਰੀਆਂ ਦੇ ਖਪਤਕਾਰ ਕਾਰਡ ਤਿਆਰ ਕਰਨਾ ਅਤੇ ਰਾਸ਼ਨ ਦੀ ਸਮੇਂ ਸਿਰ ਵੰਡ ਯਕੀਨੀ ਬਣਾਈ ਜਾਵੇ: ਜਸਵੀਰ ਸਿੰਘ ਸੇਖੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ ਅੱਜ ਧੂਰੀ ਹਲਕੇ ਦੇ ਪਿੰਡ ਮਾਨਵਾਲਾ ਵਿਖੇ ਸਥਿਤ ਰਾਸ਼ਨ ਡੀਪੂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਡੀਪੂ ਵਿੱਚ ਮੌਜੂਦ ਰਾਸ਼ਨ ਦੇ ਸਟਾਕ, ਵੰਡ ਪ੍ਰਣਾਲੀ, ਰਿਕਾਰਡ ਰੱਖ-ਰਖਾਅ ਅਤੇ ਲਾਭਪਾਤਰੀਆਂ ਨੂੰ ਦਿੱਤੇ ਜਾਣ ਵਾਲੇ ਅਨਾਜ ਦੀ ਗੁਣਵੱਤਾ ਦੀ ਵਿਸਥਾਰ ਨਾਲ ਜਾਂਚ ਕੀਤੀ।

ਚੈਕਿੰਗ ਦੌਰਾਨ ਜਸਵੀਰ ਸਿੰਘ ਸੇਖੋਂ ਨੇ ਡੀਪੂ ਹੋਲਡਰ ਅਤੇ ਸੰਬੰਧਤ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਹਦਾਇਤ ਕੀਤੀ ਕਿ ਸਾਰੇ ਯੋਗ ਲਾਭਪਾਤਰੀਆਂ ਦੇ ਖਪਤਕਾਰ ਕਾਰਡ ਤਿਆਰ ਕਰਨਾ ਯਕੀਨੀ ਬਣਾਇਆ ਜਾਵੇ, ਤਾਂ ਜੋ ਕੋਈ ਵੀ ਹੱਕਦਾਰ ਵਿਅਕਤੀ ਸਰਕਾਰੀ ਸਹੂਲਤ ਤੋਂ ਵਾਂਝਾ ਨਾ ਰਹੇ। ਉਨ੍ਹਾਂ ਇਹ ਵੀ ਜ਼ੋਰ ਦਿੱਤਾ ਕਿ ਰਾਸ਼ਨ ਦੀ ਵੰਡ ਪ੍ਰਕਿਰਿਆ ਪੂਰੀ ਪਾਰਦਰਸ਼ਤਾ ਨਾਲ ਕੀਤੀ ਜਾਵੇ ਅਤੇ ਹਰ ਮਹੀਨੇ ਲਾਭਪਾਤਰੀਆਂ ਨੂੰ ਨਿਰਧਾਰਤ ਮਾਤਰਾ ਅਨੁਸਾਰ ਸਮੇਂ ਸਿਰ ਰਾਸ਼ਨ ਮੁਹੱਈਆ ਕਰਵਾਇਆ ਜਾਵੇ।

ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਆਦੇਸ਼ ਦਿੱਤਾ ਕਿ ਡੀਪੂਆਂ ਦੀ ਨਿਯਮਿਤ ਜਾਂਚ ਯਕੀਨੀ ਬਣਾਈ ਜਾਵੇ ਅਤੇ ਜਿੱਥੇ ਵੀ ਕਿਸੇ ਤਰ੍ਹਾਂ ਦੀ ਗੜਬੜ ਜਾਂ ਲਾਪਰਵਾਹੀ ਸਾਹਮਣੇ ਆਉਂਦੀ ਹੈ, ਉਥੇ ਤੁਰੰਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਰਾਹਤ ਦੇਣ ਲਈ ਖੁਰਾਕ ਸਪਲਾਈ ਪ੍ਰਣਾਲੀ ਨੂੰ ਹੋਰ ਸੁਧਾਰਿਆ ਜਾ ਰਿਹਾ ਹੈ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਜਸਵੀਰ ਸਿੰਘ ਸੇਖੋਂ ਨੇ ਕਿਹਾ ਕਿ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੀ ਜ਼ਿੰਮੇਵਾਰੀ ਹੈ ਕਿ ਉਹ ਲਾਭਪਾਤਰੀਆਂ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪੂਰੀ ਇਮਾਨਦਾਰੀ ਅਤੇ ਸਮਾਂਬੱਧ ਢੰਗ ਨਾਲ ਪਹੁੰਚਾਉਣ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਡੀਪੂ 'ਤੇ ਉਨ੍ਹਾਂ ਨੂੰ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਸੰਬੰਧਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣ।

ਇਸ ਮੌਕੇ ਡੀ.ਐਫ.ਐਸ.ਸੀ. ਮੇਜਰ ਗੁਰਪ੍ਰੀਤ ਸਿੰਘ ਕੰਗ ਸਮੇਤ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ, ਜਿਨ੍ਹਾਂ ਨੇ ਮੈਂਬਰ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਵੱਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਮਹਾਨ ਗੁਰਮਤਿ ਸਮਾਗਮ

• ਜੋਤੀ ਜੋਤ : ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ • ਗੁਰਿਆਈ ਗੱਦੀ : ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ • ਗੁਰਿਆਈ ਗੱਦੀ : ਧੰਨ ਸ਼੍ਰੀ ਗੁਰੂ ਸ਼੍ਰੀ ਗੁਰੂ ਹਰਿ ਰਾਏ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼੍ਰੀ ਅਖੰਡ ਪਾਠ ਸਾਹਿਬ ਜੀ ਸਮੇਤ ਜੁਪਜੀ ਸਾਹਿਬ ਦੀ ਸੇਵਾ ਗੁਰ ਸਿੱਖ ਪ੍ਰਵਾਰ ਭਾਈ ਏਕਮ ਸਿੰਘ ਵੱਲੋਂ ਲਈ ਗਈ ਹੈ।

ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਸ਼ੁੱਕਰਵਾਰ 10:30 ਵਜੇ ਹੋਵੇਗੀ ਅਤੇ ਐਤਵਾਰ 10:30 ਵਜੇ ਭੋਗ ਪੈਣਗੇ • ਸ਼ਨਿੱਚਰਵਾਰ 21 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 22 ਮਾਰਚ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸੱਜਣਗੇ।

ਕਵੀਸ਼ਰੀ ਜਥਾ ਭਾਈ ਗੁਰਮੀਤ ਸਿੰਘ ਬਰੇਸ਼ੀਆ ਵਾਲੇ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹੀਦੀ ਨੂੰ

# 990 ਦਿਨ ਪੂਰੇ ਹੋਣ ਤੇ ਵੈਨਕੂਵਰ ਭਾਰਤੀ ਐਂਬੇਸੀ ਮੂਹਰੇ ਭਾਰੀ ਰੋਸ-ਪ੍ਰਦਰਸ਼ਨ






ਨਵੀਂ ਦਿੱਲੀ 19 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਕੌਮ ਦੀ ਆਜ਼ਾਦੀ ਲਈ ਸ਼ਹੀਦ ਹੋਏ ਭਾਈ ਹਰਦੀਪ ਸਿੰਘ ਨਿੱਝਰ ਦੇ ਸ਼ਹੀਦੀ ਦਿਹਾੜੇ ਨੂੰ 990 ਦਿਨ ਪੂਰੇ ਹੋਣ ਤੇ ਵੈਨਕੂਵਰ ਵਿਖੇ ਵਿਸ਼ਾਲ ਖਾਲਿਸਤਾਨ ਫਰੀਡਮ ਰੈਲੀ ਨਿਕਾਲੀ ਅਤੇ ਨਾਲ ਨਾਲ ਭਾਰਤੀ ਐਂਬੇਸੀ ਮੂਹਰੇ ਭਾਰੀ ਰੋਸ ਪ੍ਰਦਰਸ਼ਨ ਵੀ ਕੀਤਾ ਗਿਆ । ਭਾਰਤੀ ਐਂਬੈਸੀ ਵੈਨਕੂਵਰ ਵਿਖੇ ਰੋਸ ਪ੍ਰਦਰਸ਼ਨ ਕਰਦਿਆਂ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਗਾਏ ਗਏ ਅਤੇ ਕੌਂਸਲੇਟ ਨੂੰ ਬੰਦ ਕਰਨ ਦੀ ਮੰਗ ਨੇ ਇਕ ਵਾਰੀ ਫੇਰ ਜ਼ੋਰ ਫੜਿਆ। ਰੋਸ ਪ੍ਰਦਰਸ਼ਨ ਦੌਰਾਨ ਸੈਂਕੜੇ ਲੋਕਾਂ ਨੇ ਹਾਜ਼ਰੀ ਭਰੀ ਅਤੇ ਜਾਗਦੀ ਜ਼ਮੀਰ ਦਾ ਸਬੂਤ ਦਿੱਤਾ, ਭਾਰਤ ਦੇ ਰਾਸ਼ਟਰੀ ਝੰਡੇ ਦੀ ਬੇਹੁਰਮਤੀ ਕਰਦਿਆਂ ਇਸ ਨੂੰ ਸਿੱਖਾਂ ਦਾ ਖੂਨੀ ਝੰਡਾ ਗਰਦਾਨਿਆਂ ਗਿਆ। ਇਸ ਦੌਰਾਨ ਟੀਮ ਸ਼ਹੀਦ ਨਿੱਝਰ ਵਲੋਂ ਮਾਰਚ 22 ਨੂੰ ਅਮਰੀਕਾ ਦੇ ਸਿਆਟਲ ਵਿਚ ਹੋਣ ਵਾਲੇ ਰੈਫਰੰਡਮ ਵਿਚ ਵੀ ਯੋਗਦਾਨ ਪਾਉਣ ਨੂੰ, ਸਾਥ ਦੇਣ ਨੂੰ ਅਤੇ ਆਪਣੀ ਆਪਣੀ ਜ਼ਿੰਮੇਵਾਰੀ ਸਮਝ ਕੇ ਓਥੇ ਪਹੁੰਚ ਨੇ ਆਪਣਾ ਯੋਗਦਾਨ ਪਾਉਣ ਲਈ ਬੇਨਤੀ ਕੀਤੀ ਗਈ। ਇਥੇ ਦੱਸਣਯੋਗ ਹੈ ਕਿ ਟੀਮ ਨਿੱਝਰ ਦੇ ਮੈਂਬਰ ਅਤੇ ਗੁਰੂ ਨਾਨਕ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਪਿਛਲੇ ਦਿਨਾਂ ਵਿੱਚ ਗਲੋਬਲ ਐਂਡ ਮੇਲ ਅਤੇ ਨੈਸ਼ਨਲ ਪੋਸਟ ਕੈਨੇਡਾ ਦੀਆਂ ਵੱਡੀਆਂ ਅਖਬਾਰਾਂ ਨੇ ਜਥੇਦਾਰ ਭਾਈ ਹਰਦੀਪ ਸਿੰਘ ਨਿੱਝਰ ਨੂੰ ਸ਼ਹੀਦ ਕਰਨ ਵਿੱਚ ਸਾਲ 2023 ਵਿੱਚ ਭਾਰਤੀ ਕੌਂਸਲੇਟ ਵੈਨਕੂਵਰ ਤੋਂ ਮਨੀਸ਼ ਕੁਮਾਰ ਅਤੇ ਕਮਲਜੀਤ ਸਿੰਘ ਦੇ ਨਾਮ ਸਬੂਤਾਂ ਦੇ ਰੂਪ ਵਿੱਚ ਸਾਹਮਣੇ ਲਿਆਂਦੇ ਹਨ ਇਸੇ ਕਰਕੇ ਹੀ ਸ਼ਹੀਦ ਨਿੱਝਰ ਟੀਮ ਦੇ ਮੈਂਬਰ ਲਗਭਗ ਪਿਛਲੇ ਤਿੰਨ ਸਾਲਾਂ ਤੋਂ ਭਾਰਤੀ ਐਂਬੇਸੀ ਵੈਨਕੂਵਰ ਦੇ ਬਾਹਰ ਇੰਨਸਾਫ ਦੀ ਪ੍ਰਾਪਤੀ ਲਈ ਵੱਡੇ ਰੋਸ ਮੁਜਾਰੇ ਕਰ ਰਹੇ ਹਨ ਜਦ ਕਿ ਜਿੱਥੇ ਭਾਰਤ ਵਿੱਚ ਸਿੱਖ ਕੌਮ ਲਈ ਕੋਈ ਇਨਸਾਫ਼ ਨਹੀਂ ਹੈ ਉਥੇ ਹੀ ਅਮਰੀਕਾ ਕੈਨੇਡਾ ਦਾ ਮੇਨ ਸਟਰੀਟ ਮੀਡੀਆ ਸਿੱਖਾਂ ਦੇ ਸਮਰਥਨ ਵਿੱਚ ਖੜਾ ਹੈ ਜੋ ਕਿ ਬਹੁਤ ਵੱਡੀ ਅਤੇ ਮਾਣ ਵਾਲੀ ਗੱਲ ਹੈ। ਕੀਤੇ ਗਈ ਰੈਲੀ ਅਤੇ ਰੋਸ ਪ੍ਰਦਰਸ਼ਨ ਵਿਚ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਮਨਜਿੰਦਰ ਸਿੰਘ ਖਾਲਸਾ, ਭਾਈ ਦਲਜੀਤ ਸਿੰਘ, ਭਾਈ ਰਜਿੰਦਰ ਸਿੰਘ, ਭਾਈ ਚਰਨਜੀਤ ਸਿੰਘ ਅਤੇ ਵਿਸ਼ੇਸ਼ ਤੌਰ ਤੇ ਐਡਮਿੰਟਨ ਤੋਂ ਪਹੁੰਚੇ ਭਾਈ ਪਰਮਿੰਦਰ ਸਿੰਘ ਰੰਧਾਵਾ ਦੇ ਨਾਲ ਭਾਈ ਗੁਰਪ੍ਰੀਤ ਸਿੰਘ ਵਿਸ਼ੇਸ਼ ਤੌਰ ਤੇ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਭਾਰਤੀ ਕੌਂਸਲੇਟ ਵੈਨਕੂਵਰ ਨੂੰ ਬੰਦ ਕਰਨ ਦੀ ਮੰਗ ਇਕ ਵਾਰ ਫਿਰ ਜ਼ੋਰਾਂ

# ਹਠੂਰ ਦੇ ਸੱਤਿਆ ਭਾਰਤੀ ਐਲੀਮੈਂਟਰੀ ਸਕੂਲ ਦਾ ਬੱਚਾ ਜਵਾਹਰ ਨਵੋਦਿਆ ਵਿਦਿਆਲਾ ਲਈ ਚੁਣਿਆ ਗਿਆ



ਹਠੂਰ/ਜਗਰਾਉਂ (ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਵਿਖੇ ਸਥਿੱਤ ਭਾਰਤੀ ਏਅਰਟੈੱਲ ਫਾਊਂਡੇਸ਼ਨ ਦੇ ਸੱਤਿਆ ਐਲੀਮੈਂਟਰੀ ਸਕੂਲ ਦਾ ਬੱਚਾ ਰਾਜਦੀਪ ਸਿੰਘ ਪੁੱਤਰ ਜਗਦੀਪ ਸਿੰਘ ਛੇਵੀਂ ਕਲਾਸ ਲਈ ਜਵਾਹਰ ਨਵੋਦਿਆ ਵਿਦਿਆਲਿਆ ਦਾ ਟੈਸਟ ਪਾਸ ਕਰਨ ਉਪਰੰਤ ਚੁਣਿਆ ਗਿਆ, ਜਾਣਕਾਰੀ ਦਿੰਦਿਆਂ ਹੈੱਡ ਟੀਚਰ ਮੈਡਮ ਸੀਮਾ ਰਾਣੀ ਨੇ ਕਿਹਾ ਕਿ ਰਾਜਦੀਪ ਸਿੰਘ ਭਾਰਤੀ ਏਅਰਟੈੱਲ ਫਾਊਂਡੇਸ਼ਨ ਦੇ ਸੱਤਿਆ ਭਾਰਤੀ ਸਕੂਲ ਹਠੂਰ ਦਾ ਹੋਣਹਾਰ ਤੇ ਮਿਹਨਤੀ ਬੱਚਾ ਹੈ। ਜਿਸ ਨੇ 76.25 ਸਕੋਰ ਲੈ ਕੇ 163ਵਾਂ ਰਿੰਕ ਹਾਸਲ ਕੀਤਾ, ਇਸ ਪਿੱਛੇ ਜਿੱਥੇ ਬੱਚੇ ਦੀ ਮਿਹਨਤ ਅਤੇ ਲਗਨ ਹੈ। ਉੱਥੇ ਸਾਡੇ ਸਕੂਲ ਦੇ ਮਿਹਨਤੀ ਸਟਾਫ ਦਾ ਨਤੀਜਾ ਹੈ। ਜੋ ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ-ਨਾਲ ਖੇਡਾਂ, ਸਭਿਆਚਾਰ ਅਤੇ ਹੋਰ ਗਤੀਵਿਧੀਆਂ ਨਾਲ ਜੋੜਦਾ ਹੈ। ਸਾਡੇ ਸਕੂਲ ਦੇ ਸਮੂਹ ਸਟਾਫ ਵੱਲੋਂ ਬੱਚੇ ਰਾਜਦੀਪ ਸਿੰਘ ਅਤੇ ਉਸ ਦੇ ਮਾਪਿਆਂ ਨੂੰ ਬਹੁਤ ਬਹੁਤ ਮੁਬਾਰਕਾਂ, ਸਾਡੇ ਸੱਤਿਆ ਐਲੀਮੈਂਟਰੀ ਸਕੂਲ ਹਠੂਰ ਵੱਲੋਂ ਸਮੇਂ ਸਮੇਂ ਨਾਲ ਬੱਚਿਆਂ ਵਿਚਕਾਰ ਵਿੱਦਿਅਕ ਅਤੇ ਡਰਾਇੰਗ ਮੁਕਾਬਲੇ ਕਰਵਾਏ ਜਾਂਦੇ ਹਨ। ਤੇ ਬੱਚਿਆਂ ਲਈ ਕੰਪਿਊਟਰ, ਟੈਬ ਕਲਾਸ ਵੀ ਲਗਾਈ ਜਾਂਦੀ ਹੈ। ਤੇ ਬੱਚਿਆਂ ਦੇ ਗਿਆਨ ਵਿੱਚ ਵਾਧਾ ਕਰਨ ਲਈ ਉਹਨਾਂ ਨੂੰ ਹਰ ਤਰਾਂ ਦੀ ਜਾਣਕਾਰੀ ਦਿੱਤੀ ਜਾਂਦੀ ਹੈ। ਤੇ ਬੱਚਿਆਂ ਦੇ ਮਨੋਰੰਜਨ ਦਾ ਵੀ ਖਿਆਲ ਰੱਖਿਆ ਜਾਂਦਾ ਹੈ। ਉਹਨਾਂ ਅੱਗੇ ਕਿਹਾ ਕਿ ਸਕੂਲ ਵੱਲੋਂ ਕਿਸੇ ਵੀ ਤਰਾਂ ਦੀ ਫੀਸ ਨਹੀਂ ਲਈ ਜਾਂਦੀ, ਤੇ ਬੱਚਿਆਂ ਨੂੰ ਮੁਫ਼ਤ ਵਿੱਚ ਵਿੱਦਿਆ ਹਾਸਲ ਕਰਵਾਈ ਜਾਂਦੀ ਹੈ। ਸਗੋਂ ਬੱਚਿਆਂ ਨੂੰ ਵਰਦੀਆਂ, ਬੂਟ, ਜੁਰਾਬਾਂ, ਕਾਪੀਆਂ, ਕਿਤਾਬਾਂ, ਬੈਗ, ਆਦਿ ਵੀ ਮੁਫ਼ਤ ਦਿੱਤੇ ਜਾਂਦੇ ਹਨ। ਅੰਤ ਵਿੱਚ ਉਹਨਾਂ ਕਿਹਾ ਜੋ ਨਵੇਂ ਬੱਚੇ ਦਾਖਲਿਆਂ ਦੇ ਯੋਗ ਹੋ ਚੁੱਕੇ ਹਨ। ਉਹਨਾਂ ਦੇ ਮਾਪੇ ਆਪਣੇ ਬੱਚਿਆਂ ਨੂੰ ਭਾਰਤੀ ਏਅਰਟੈੱਲ ਫਾਊਂਡੇਸ਼ਨ ਦੇ ਸੱਤਿਆ ਭਾਰਤੀ ਸਕੂਲ ਹਠੂਰ ਵਿੱਚ ਦਾਖਲ ਕਰਵਾਉਣ ਲਈ ਸਕੂਲ ਆ ਕੇ ਗੱਲਬਾਤ ਕਰਕੇ ਪੂਰੀ ਜਾਣਕਾਰੀ ਲੈ ਸਕਦੇ ਹਨ ਤੇ ਆਪਣੇ ਬੱਚਿਆਂ ਨੂੰ ਸਕੂਲ ਵਿੱਚ ਦਾਖਲ ਕਰਵਾ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਜਗਰਾਉਂ ਪੁੱਜੇ ਬਾਦਲ ਦਾ ਕਲੇਰ ਪਰਿਵਾਰ ਨੇ ਕੀਤਾ ਸ਼ਾਨਦਾਰ ਸਵਾਗਤ



ਜਗਰਾਉਂ (ਵਰਿਆਮ ਹਠੂਰ) "ਪੰਜਾਬ ਬਚਾਓ ਰੈਲੀ" 'ਚ ਹੋਏ ਵਿਸ਼ਾਲ ਇਕੱਠ ਤੋਂ ਬਾਗੋ-ਬਾਗ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐਸ.ਆਰ.ਕਲੇਰ ਦੇ ਘਰ ਖਾਣੇ 'ਤੇ ਪੁੱਜ ਕੇ ਪਰਿਵਾਰ ਨਾਲ ਸਮਾਂ ਬਿਤਾਇਆ। ਇਸ ਮੌਕੇ ਕਲੇਰ ਪਰਿਵਾਰ ਨੇ ਸ: ਬਾਦਲ ਦਾ ਸ਼ਾਨਦਾਰ ਢੰਗ ਨਾਲ ਸਵਾਗਤ ਕੀਤਾ ਤੇ ਉਨ੍ਹਾਂ ਨੂੰ ਉਚੇਚੇ ਤੌਰ 'ਤੇ 'ਬਾਰਹਮਾਹਾ' ਰੁੱਤਾਂ ਦਾ ਇਲਾਹੀ ਗੀਤ ਤਸਵੀਰ ਯਾਦਗਾਰੀ ਚਿੰਨ੍ਹ ਵੀ ਭੇਂਟ ਕੀਤਾ। ਇਸ ਮੌਕੇ ਸ: ਬਾਦਲ ਨੇ ਲੰਮਾਂ ਸਮਾਂ ਕਲੇਰ ਪਰਿਵਾਰ ਨਾਲ ਬਤੀਤ ਕੀਤਾ ਤੇ ਭਵਿੱਖ ਦੀ ਸਿਆਸੀ ਰਣਨੀਤੀ ਸਬੰਧੀ ਅਹਿਮ ਵਿਚਾਰਾਂ ਕੀਤੀਆਂ। ਇਸ ਦੌਰਾਨ ਰੈਲੀ 'ਚ ਹੋਏ ਵਿਸ਼ਾਲ ਇਕੱਠ ਤੋਂ ਪ੍ਰਭਾਵਿਤ ਹੋਏ ਸੁਖਬੀਰ ਸਿੰਘ ਬਾਦਲ ਦੇ ਚਿਹਰੇ 'ਤੇ ਖੁਸ਼ੀ ਦੀ ਚਮਕ ਦੇਖਣ ਨੂੰ ਮਿਲੀ। ਉਹਨਾਂ ਕਿਹਾ ਕਿ ਐਸ.ਆਰ.ਕਲੇਰ ਸ਼੍ਰੋਮਣੀ ਅਕਾਲੀ ਦਲ ਦੇ ਵਫਾਦਾਰ ਸਿਪਾਹੀ ਹਨ। ਤੇ ਪਾਰਟੀ ਦੇ ਕਠਿਨ ਸਮੇਂ ਵੀ ਪਾਰਟੀ ਨਾਲ ਅਡੋਲ ਖੜ੍ਹੇ ਰਹੇ ਅਤੇ ਵੱਡੇ ਬਾਦਲ ਸਾਹਿਬ ਦੀ ਵੀ ਸ੍ਰੀ ਕਲੇਰ ਨਾਲ ਕਰੀਬੀ ਸਾਂਝ ਸੀ। ਉਨ੍ਹਾਂ ਕਿਹਾ ਕਿ ਅਜਿਹੇ ਪਕੇਰੇ ਰਿਸ਼ਤਿਆਂ ਕਰਕੇ ਪਰਿਵਾਰ ਨੂੰ ਮਿਲਣਾ ਤੇ ਦੁੱਖ-ਸੁੱਖ ਸਾਂਝੇ ਕਰਨਾ ਆਪਣਾ ਫਰਜ਼ ਸਮਝਦੇ ਹਨ। ਇਸ ਮੌਕੇ ਐਸ.ਆਰ ਕਲੇਰ ਨੇ ਆਖਿਆ ਕਿ ਸ: ਸੁਖਬੀਰ ਸਿੰਘ ਬਾਦਲ ਵਲੋ ਉਨ੍ਹਾਂ ਨੂੰ ਹਮੇਸ਼ਾਂ ਹੀ ਬਣਦਾ ਮਾਣ ਸਨਮਾਨ ਦਿੱਤਾ ਗਿਆ ਹੈ। ਉਨ੍ਹਾਂ ਆਖਿਆ ਕਿ ਅੱਜ ਹਜ਼ਾਰਾਂ ਦੀ ਤਾਦਾਦ ਵਿਚ ਸਮੱਰਥਕਾਂ ਦੀ ਮੌਜੂਦਗੀ 'ਚ ਸ: ਬਾਦਲ ਵਲੋਂ ਦਿੱਤੇ ਥਾਪੜੇ ਨੇ ਉਨ੍ਹਾਂ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਮੱਰਥਕਾਂ ਵਿਚ ਨਵੀਂ ਊਰਜਾ ਪੈਦਾ ਕੀਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਦੇ ਉਪ ਚੇਅਰਮੈਨ ਹਰਦੀਪ ਗਿੱਲ ਵਲੋਂ ਛੱਤੀਸਗੜ੍ਹ ਦਾ ਦੌਰਾ

# ਰਾਮਕ੍ਰਿਸ਼ਨ ਹਸਪਤਾਲ ਘਟਨਾ 'ਚ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨਾਲ ਕੀਤੀ ਮੁਲਾਕਾਤ

**ਜੰਡਿਆਲਾ ਗੁਰੂ 19 ਮਾਰਚ ( ਕੁਲਵੰਤ ਸਿੰਘ ਵਿਰਦੀ )-** ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਦੇ ਉਪ ਚੇਅਰਮੈਨ ਹਰਦੀਪ ਸਿੰਘ ਗਿੱਲ ਨੇ ਅੱਜ ਛੱਤੀਸਗੜ੍ਹ ਦੀ ਆਪਣੀ ਫੇਰੀ ਦੌਰਾਨ ਸਿਮਰਨ ਸਿਟੀ ਸੰਤੋਸ਼ੀ ਨਗਰ ਸਥਿਤ ਬੀ.ਐਸ.ਯੂ.ਪੀ. ਕਲੋਨੀ ਪਹੁੰਚ ਕੇ ਰਾਮਕ੍ਰਿਸ਼ਨ ਹਸਪਤਾਲ ਘਟਨਾ ਵਿੱਚ ਮਾਰੇ ਗਏ ਸ਼੍ਰੀ ਗੋਵਿੰਦ ਸੋਂਦਰੇ ਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਦੁਖੀ ਪਰਿਵਾਰ ਨੂੰ ਦਿਲਾਸਾ ਦਿੱਤਾ ਅਤੇ ਉਨ੍ਹਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਵੀ ਦਿੱਤਾ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਮ੍ਰਿਤਕ ਘਟਨਾ ਵਾਲੇ ਦਿਨ ਸਫਾਈ ਦੇ ਕੰਮ ਲਈ ਹਸਪਤਾਲ ਗਿਆ ਸੀ। ਇਸ 'ਤੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਸ਼੍ਰੀ ਹਰਦੀਪ ਗਿੱਲ ਨੇ ਕਿਹਾ ਕਿ ਭਾਰਤ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਜਿੱਥੇ ਵੀ ਲੋੜ ਹੋਵੇਗੀ, ਹਰ ਸੰਭਵ ਸਹਾਇਤਾ ਪ੍ਰਦਾਨ ਕਰੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਦਿੱਲੀ ਸਫਾਈ ਕਰਮਚਾਰੀ ਕਮਿਸ਼ਨ ਸਾਰੇ ਸਫਾਈ ਕਰਮਚਾਰੀਆਂ ਭਾਵੇਂ ਉਹ ਨਿਯਮਤ ਹੋਣ ਜਾਂ ਠੇਕਾ ਪ੍ਰਣਾਲੀ ਅਧੀਨ ਨੌਕਰੀ ਕਰਦੇ ਹੋਣ ਦੇ ਹਿੱਤਾਂ ਲਈ ਕੰਮ ਕਰਦਾ ਹੈ ਅਤੇ ਪਰਿਵਾਰਕ ਮੈਂਬਰ ਕਮਿਸ਼ਨ ਕੋਲ ਆਪਣੇ ਮੁੱਦੇ ਉਠਾ ਸਕਦੇ ਹਨ। ਇਸ ਤੋਂ ਬਾਅਦ, ਸ.ਗਿੱਲ ਰਾਮਕ੍ਰਿਸ਼ਨ ਹਸਪਤਾਲ ਪਹੁੰਚੇ ਅਤੇ ਘਟਨਾ ਵਾਲੀ ਥਾਂ ਦਾ ਨਿਰੀਖਣ ਕੀਤਾ। ਜਿਕਰਯੋਗ ਹੈ ਕਿ ਕਮਿਸ਼ਨ ਹਾਦਸੇ ਵਿੱਚ ਮਰਨ ਵਾਲੇ ਤਿੰਨ ਸਫਾਈ ਕਰਮਚਾਰੀਆਂ ਦੇ ਪਰਿਵਾਰਾਂ ਨੂੰ 30-30 ਲੱਖ 24 ਘੰਟਿਆਂ ਦੇ ਵਿੱਚ ਵਿੱਚ ਦਵਾ ਦਿੱਤਾ ਸੀ ਡਿਪਟੀ ਕਮਿਸ਼ਨਰ ਰਾਏਪੁਰ ਅਤੇ ਨਗਰ ਨਿਗਮ ਕਮਿਸ਼ਨਰ ਰਾਏਪੁਰ ਨੂੰ ਪੀੜਤ ਪਰਿਵਾਰਾਂ ਨੂੰ ਪ੍ਰਧਾਨ ਮੰਤਰੀ ਆਵਾਸ ਯੋਜਨਾ ਵਿੱਚ ਘਰ ਬਣਾ ਕੇ ਦੇਣ ਅਤੇ ਪੀੜਤਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਰਕਾਰੀ ਨੌਕਰੀ ਮੁਹਈਆ ਕਰਵਾਉਣ ਲਈ ਹਦਾਇਤ ਦਿੱਤੀ ਗਈ ਹੈ। ਉਨ੍ਹਾਂ ਨੇ ਹਸਪਤਾਲ ਪ੍ਰਬੰਧਨ ਤੋਂ ਘਟਨਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਲਈ ਖਾਸ ਕਰਕੇ ਗੈਸ ਲੀਕ ਦੀ ਸਥਿਤੀ ਅਤੇ ਉਪਲਬਧ ਸੁਰੱਖਿਆ ਸਰੋਤਾਂ ਬਾਰੇ ਪੁੱਛਗਿੱਛ ਕੀਤੀ। ਨਿਰੀਖਣ ਦੌਰਾਨ ਸ.ਗਿੱਲ ਨੇ ਕਿਹਾ ਕਿ ਹੱਥੀਂ ਮੈਲਾ ਢੋਣ 'ਤੇ ਪੂਰੀ ਤਰ੍ਹਾਂ ਪਾਬੰਦੀ ਹੈ ਅਤੇ ਅਜਿਹੇ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਸਵੀਕਾਰਯੋਗ ਨਹੀਂ ਹੈ। ਉਨ੍ਹਾਂ ਹਸਪਤਾਲ ਪ੍ਰਬੰਧਨ ਨੂੰ ਹਦਾਇਤ ਕੀਤੀ ਕਿ ਸੀਵਰੇਜ ਅਤੇ ਸਫਾਈ ਦੇ ਕੰਮ ਦੌਰਾਨ ਸਾਰੇ ਜ਼ਰੂਰੀ ਸੁਰੱਖਿਆ ਮਾਪਦੰਡਾਂ ਅਤੇ ਉਪਕਰਣਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸਫਾਈ ਕਰਮਚਾਰੀਆਂ ਦੀ ਸੁਰੱਖਿਆ ਇੱਕ ਪ੍ਰਮੁੱਖ ਤਰਜੀਹ ਹੈ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਦੁਹਰਾਉਣ ਤੋਂ ਰੋਕਣ ਲਈ ਸਾਰੇ ਨਿਰਧਾਰਤ ਮਾਪਦੰਡਾਂ ਦੀ ਸਖ਼ਤੀ ਨਾਲ ਪਾਲਣਾ ਜ਼ਰੂਰੀ ਹੈ। ਇਸ ਮੌਕੇ ਨਗਰ ਨਿਗਮ ਕਮਿਸ਼ਨਰ ਵਿਸ਼ਵਦੀਪ, ਨਿਗਮ ਡਿਪਟੀ ਕਮਿਸ਼ਨਰ ਵਿਨੋਦ ਪਾਂਡੇ, ਸਹਾਇਕ ਪੁਲਿਸ ਕਮਿਸ਼ਨਰ ਪੁਰਾਣੀ ਬਸਤੀ ਦੇਵਾਂਸ਼ ਸਿੰਘ ਰਾਠੌਰ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਵਿਭਾਗ ਦੇ ਅਧਿਕਾਰੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV







### ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਨੇ ਸੋਸ਼ਲ ਮੀਡੀਆ 'ਤੇ

# ਗਲਤ ਅਫ਼ਵਾਹਾਂ ਫੈਲਾਉਣ ਵਾਲਿਆਂ ਨੂੰ ਸਖ਼ਤ ਤਾੜਨਾ ਕੀਤੀ



ਚੌਕ ਮਹਿਤਾ 19 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ) - ਸ੍ਰੀ ਅਮਰਦੀਪ ਸਿੰਘ ਬੈਂਸ, ਸਿਵਲ ਜੱਜ (ਸੀਨੀਅਰ ਡਿਵਿਜ਼ਨ)-ਕਮ-ਸੈਕਟਰੀ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅੰਮ੍ਰਿਤਸਰ ਵੱਲੋਂ ਸੋਸ਼ਲ ਮੀਡੀਆ 'ਤੇ ਫੈਲ ਰਹੀ ਗਲਤ ਅਤੇ ਧੋਖੇਬਾਜ਼ ਜਾਣਕਾਰੀ ਬਾਰੇ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਪ੍ਰੈੱਸ ਬਿਆਨ ਜਾਰੀ ਕਰਕੇ ਇਹ ਸਪੱਸ਼ਟ ਕੀਤਾ ਹੈ ਕਿ ਕੁਝ ਵੀਡੀਓਜ਼ ਅਤੇ ਸੁਨੇਹੇ ਜਿਨ੍ਹਾਂ ਵਿੱਚ ਲੋਕ ਅਦਾਲਤਾਂ ਵਿੱਚ ਬਿਜਲੀ ਬਿੱਲਾਂ ਦੀ ਪੂਰੀ ਛੂਟ ਦੇਣ ਦਾ ਦਾਅਵਾ ਕੀਤਾ ਜਾ ਰਿਹਾ ਹੈ, ਉਹ ਨਕਲੀ, ਗੁੰਮਰਾਹ ਕਰਨ ਵਾਲੇ ਅਤੇ ਬੇਬੁਨਿਆਦ ਹਨ।ਉਨ੍ਹਾਂ ਇਹ ਵੀ ਦੱਸਿਆ ਕਿ 14 ਮਾਰਚ 2026 ਨੂੰ ਦੇਸ਼ ਭਰ ਵਿੱਚ, ਸਮੇਤ ਅੰਮ੍ਰਿਤਸਰ ਵਿੱਚ, ਰਾਸ਼ਟਰੀ ਲੋਕ ਅਦਾਲਤਾਂ ਦਾ ਆਯੋਜਨ ਕੀਤਾ ਗਿਆ ਸੀ, ਜਿੱਥੇ ਵੱਡੀ ਗਿਣਤੀ ਵਿੱਚ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ। ਕੁਝ ਬਿਜਲੀ ਬਿੱਲਾਂ ਨਾਲ ਸੰਬੰਧਤ ਮਾਮਲਿਆਂ ਵਿੱਚ ਸੀਮਿਤ ਰਾਹਤ ਜਿਵੇਂ ਸਮਝੌਤੇ ਜਾਂ ਛੋਟੀਆਂ ਛੂਟਾਂ ਦਿੱਤੀਆਂ ਗਈਆਂ ਸਨ, ਪਰ ਕਿਸੇ ਵੀ ਮਾਮਲੇ ਵਿੱਚ ਬਿਜਲੀ ਬਿੱਲਾਂ ਦੀ ਪੂਰੀ ਛੂਟ ਨਾ ਤਾਂ ਐਲਾਨੀ ਗਈ ਅਤੇ ਨਾ ਹੀ ਦਿੱਤੀ ਗਈ। ਸ੍ਰੀ ਅਮਰਦੀਪ ਸਿੰਘ ਬੈਂਸ, ਸਿਵਲ ਜੱਜ (ਸੀਨੀਅਰ ਡਿਵਿਜ਼ਨ)-ਕਮ-ਸੈਕਟਰੀ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅੰਮ੍ਰਿਤਸਰ ਨੇ ਕਿਹਾ ਕਿ ਇਸ ਦੇ ਬਾਵਜੂਦ, ਕੁਝ ਗਲਤ ਤੱਤ ਨਕਲੀ ਵੀਡੀਓਜ਼ ਅਤੇ ਪੋਸਟਾਂ ਰਾਹੀਂ ਝੂਠੇ ਦਾਅਵੇ ਕਰ ਰਹੇ ਹਨ, ਨਕਲੀ ਲੋਗੋ ਅਤੇ ਪਹਿਚਾਣਾਂ ਦੀ ਵਰਤੋਂ ਕਰਦੇ ਹੋਏ ਲੋਕਾਂ ਨੂੰ ਫਾਰਮ ਭਰਨ ਜਾਂ ਪੈਸੇ ਟ੍ਰਾਂਸਫਰ ਕਰਨ ਲਈ ਕਹਿ ਰਹੇ ਹਨ। ਇਹ ਸਾਰੇ ਦਾਅਵੇ ਪੂਰੀ ਤਰ੍ਹਾਂ ਝੂਠੇ ਹਨ ਅਤੇ ਲੋਕਾਂ ਨਾਲ ਧੋਖਾਧੜੀ ਕਰਨ ਦੇ ਉਦੇਸ਼ ਨਾਲ ਕੀਤੇ ਜਾ ਰਹੇ ਹਨ। ਉਨ੍ਹਾਂ ਇਹ ਵੀ ਸਪਸ਼ਟ ਕੀਤਾ ਕਿ ਨਾ ਤਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਅਤੇ ਨਾ ਹੀ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟੇਡ (ਪੀ.ਐੱਸ.ਪੀ.ਸੀ.ਐੱਲ.) ਵੱਲੋਂ ਕੋਈ ਇਸ ਤਰ੍ਹਾਂ ਦੀ ਘੋਸ਼ਣਾ ਕੀਤੀ ਗਈ ਹੈ। ਨਾਗਰਿਕਾਂ ਨੂੰ ਸੁਚੇਤ ਕੀਤਾ ਕਿ ਇਸ ਤਰ੍ਹਾਂ ਦੀਆਂ ਧੋਖਾਧੜੀ ਵਾਲੀਆਂ ਗਤੀਵਿਧੀਆਂ ਦਾ ਮਕਸਦ ਲੋਕਾਂ ਤੋਂ ਪੈਸੇ ਅਤੇ ਸੰਵੇਦਨਸ਼ੀਲ ਨਿੱਜੀ ਜਾਣਕਾਰੀ ਪ੍ਰਾਪਤ ਕਰਨਾ ਹੈ।ਸਿਵਲ ਜੱਜ ਸੀਨੀਅਰ ਡਿਵੀਜ਼ਨ ਨੇ ਸਖ਼ਤ ਚੇਤਾਵਨੀ ਜਾਰੀ ਕਰਦਿਆਂ ਕਿਹਾ ਕਿ ਕੋਈ ਵੀ ਵਿਅਕਤੀ ਜੋ ਇਸ ਤਰ੍ਹਾਂ ਦੀ ਨਕਲੀ ਸਮੱਗਰੀ ਤਿਆਰ ਕਰਦਾ ਜਾਂ ਫੈਲਾਉਂਦਾ ਪਾਇਆ ਗਿਆ, ਉਸ ਦੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ, ਜਿਸ ਵਿੱਚ ਗ੍ਰਿਫ਼ਤਾਰੀ, ਜੁਰਮਾਨੇ ਅਤੇ ਮੁਕੱਦਮਾ ਸ਼ਾਮਲ ਹਨ।ਉਨ੍ਹਾਂ ਜਨਤਾ ਲਈ ਸਲਾਹ ਜਾਰੀ ਕਰਦਿਆਂ ਕਿਹਾ ਕਿ ਸਿਰਫ਼ ਸਰਕਾਰੀ ਸਰੋਤਾਂ ਤੋਂ ਮਿਲਣ ਵਾਲੀ ਜਾਣਕਾਰੀ ▾ਤੇ ਹੀ ਭਰੋਸਾ ਕਰੋ। ਪੀ.ਐੱਸ.ਪੀ.ਸੀ.ਐੱਲ. ਦੀ ਅਧਿਕਾਰਿਕ ਵੈਬਸਾਈਟ ਜਾਂ ਮੋਬਾਈਲ ਐਪ ਰਾਹੀਂ ਜਾਣਕਾਰੀ ਦੀ ਪੁਸ਼ਟੀ ਕਰੋ। ਅਣਜਾਣ ਲਿੰਕਾਂ 'ਤੇ ਕਲਿੱਕ ਨਾ ਕਰੋ ਅਤੇ ਆਪਣੀ ਨਿੱਜੀ ਜਾਣਕਾਰੀ ਸਾਂਝੀ ਨਾ ਕਰੋ। ਇਸ ਤਰ੍ਹਾਂ ਦੇ ਗੁੰਮਰਾਹ ਕਰਨ ਵਾਲੇ ਸੁਨੇਹਿਆਂ ਦੇ ਆਧਾਰ 'ਤੇ ਪੈਸੇ ਟ੍ਰਾਂਸਫਰ ਨਾ ਕਰੋ।ਕਿਸੇ ਵੀ ਸ਼ੱਕੀ ਸਮੱਗਰੀ ਦੀ ਤੁਰੰਤ ਸੰਬੰਧਿਤ ਅਧਿਕਾਰੀਆਂ ਨੂੰ ਸੂਚਨਾ ਦਿਓ।ਉਨ੍ਹਾਂ ਕਿਹਾ ਕਿ ਹੋਰ ਜਾਣਕਾਰੀ ਲਈ, ਜਨਤਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅੰਮ੍ਰਿਤਸਰ ਦੇ ਹੈਲਪਲਾਈਨ ਨੰਬਰ 0183-2220205 ਜਾਂ ਟੋਲ-ਫ਼ਰੀ ਨੰਬਰ 15100 'ਤੇ ਸੰਪਰਕ ਕਰ ਸਕਦੀ ਹੈ ਜਾਂ ਆਪਣੇ ਨੇੜਲੇ ਲੀਗਲ ਏਡ ਕਲੀਨਿਕ 'ਤੇ ਜਾ ਸਕਦੀ ਹੈ।

**☛ ਲੋਕ ਅਦਾਲਤਾਂ ਵਿੱਚ ਬਿਜਲੀ ਬਿੱਲਾਂ ਦੀ ਪੂਰੀ ਛੂਟ ਦੇਣ ਦਾ ਦਾਅਵਾ ਕਰਨ ਵਾਲੇ ਬਿਆਨ ਬਿਲਕੁਲ ਬੇਬੁਨਿਆਦ -ਸਰਦਾਰ ਅਮਰਦੀਪ ਸਿੰਘ ਬੈਂਸ ☛ ਬਾਬਾ ਬਕਾਲਾ ਕੋਰਟ ਕੰਪਲੈਕਸ ਵਿੱਚ ਵੀ ਬਹੁਤ ਸਾਰੇ ਲੋਕ ਪਹੁੰਚੇ**

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਵੱਲੋਂ ਸਾਰੇ ਨਾਗਰਿਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਸਾਵਧਾਨ ਰਹਿਣ, ਧੋਖਾਧੜੀ ਤੋਂ ਬਚਣ ਅਤੇ ਹੋਰਾਂ ਵਿੱਚ ਵੀ ਜਾਗਰੂਕਤਾ ਫੈਲਾਉਣ।ਸ਼ੋਸ਼ਲ ਮੀਡੀਆ ਤੇ ਫੈਲੀ ਇਸ ਅਫਵਾਹ ਕਾਰਨ ਕੋਰਟ ਕੰਪਲੈਕਸ ਬਾਬਾ ਬਕਾਲਾ ਸਾਹਿਬ ਵਿੱਚ ਵੀ ਬਹੁਤ ਸਾਰੇ ਲੋਕ ਇਕੱਠੇ ਹੋ ਗਏ ਜਿੰਨਾ ਨੂੰ ਵਕੀਲ ਲੱਖਾ ਸਿੰਘ ਅਜ਼ਾਦ ਨੇ ਦੱਸਿਆ ਕਿ ਲੋਕ ਅਦਾਲਤ ਵਿੱਚ ਉਨਾ ਕੇਸਾ ਦੀ ਹੀ ਸੁਣਵਾਈ ਹੁੰਦੀ ਹੈ ਜੋ ਕੇਸ ਦੋਹਾ ਧਿਰਾ ਦੀ ਸਹਿਮਤੀ ਨਾਲ ਲੋਕ ਅਦਾਲਤ ਵਿੱਚ ਸਮਝੋਤੇ ਲਈ ਰੱਖੇ ਜਾਦੇ ਹਨ ।ਇਸ ਤੋ ਇਲਾਵਾ ਬੈਕਾ ਦੇ ਲੋਨ ਕੇਸ , ਟ੍ਰੈਫਿਕ ਚਲਾਨ, ਟੈਲੀਫੋਨ ਬਿੱਲਾ ਦੇ ਬਕਾਏ ਵਗੈਰਾ ਜੋ ਸਬੰਧਤ ਮਹਿਕਮੇ ਵੱਲੋ ਰੀਕਵਰੀ ਲਈ ਅਦਾਲਤ ਨੂੰ ਦੂਜੀ ਧਿਰ ਨਾਲ ਸਮਝੋਤੇ ਲਈ ਭੇਜੇ ਜਾਦੇ ਹਨ।

### ਆਪ ਆਗੂ 4 ਕਿਲੋ 300 ਗ੍ਰਾਮ ਹੈਰੋਇਨ

# ਨਾਜਾਇਜ ਪਿਸਟਲ, 4 ਜਿੰਦਾ ਕਾਰਤੂਸ ਤੇ ਸਕਾਰਪੀਓ ਗੱਡੀ ਸਮੇਤ ਕਾਬੂ





ਚੌਕ ਮਹਿਤਾ, 19 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)-ਥਾਣਾ ਮਹਿਤਾ ਦੀ ਪੁਲੀਸ ਨੇ ਵੱਡੀ ਮਾਤਰਾ ਵਿੱਚ ਹੈਰੋਇਨ ਅਤੇ ਨਜਾਇਜ ਹਥਿਆਰ ਬਰਾਮਦ ਕਰਕੇ 3 ਵਿਅਕਤੀਆਂ ਖਿਲਾਫ ਮੁਕਦਮਾਂ ਦਰਜ ਕੀਤਾ ਹੈ। ਐੱਸ.ਐੱਚ.ਓ. ਹਰਪਾਲ ਸਿੰਘ ਨੇ ਦੱਸਿਆ ਕਿ ਮੁਖਬਰ ਦੀ ਇਤਲਾਹ ਤੇ ਮਹਿਤਾ ਪੁਲੀਸ ਵੱਲੋਂ ਨਾਕਾਬੰਦੀ ਕੀਤੀ ਗਈ ਸੀ। ਜਿਸ ਦੌਰਾਨ ਇਕ ਚਿੱਟੇ ਰੰਗ ਦੀ ਸਕਾਰਪੀਓ ਗੱਡੀ ਆਈ ਜਿਸ ਦੀਆਂ ਨੰਬਰ ਪਲੇਟਾਂ ਉੱਪਰ ਮਿੱਟੀ ਮਲੀ ਹੋਈ ਸੀ, ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਡਰਾਈਵਰ ਦੇ ਵੱਲੋਂ ਗੱਡੀ ਭਜਾ ਲਈ ਗਈ। ਪੁਲੀਸ ਪਾਰਟੀ ਨੇ ਫੌਰਨ ਇਸ ਗੱਡੀ ਦਾ ਪਿੱਛਾ ਕੀਤਾ ਅਤੇ ਪਿੰਡ ਜਮਾਲਪੁਰ ਦੇ ਨਜਦੀਕ ਗੱਡੀ ਨੂੰ ਕਾਬੂ ਕਰ ਲਿਆ। ਐੱਸ.ਐੱਚ.ਓ. ਨੇ ਦੱਸਿਆ ਕਿ ਉਕਤ ਗੱਡੀ ਦੇ ਵਿੱਚ ਲਵਪ੍ਰੀਤ ਸਿੰਘ ਵਾਸੀ ਕੋਟ ਹਿਰਦੇਰਾਮ, ਬਲਵੰਤ ਸਿੰਘ ਵਾਸੀ ਵੇਰਕਾ ਅਤੇ ਸਿਮਰਪ੍ਰੀਤ ਸਿੰਘ ਵਾਸੀ ਕੋਟ ਹਿਰਦੇਰਾਮ ਕੁਲ ਤਿੰਨ ਨੌਜਵਾਨ ਸਵਾਰ ਸਨ। ਜਿਨ੍ਹਾਂ ਦੇ ਕੋਲੋਂ 4 ਕਿਲੋ 300 ਗ੍ਰਾਮ ਹੈਰੋਇਨ, ਨਜਾਇਜ ਪਿਸਟਲ (30 ਬੋਰ) 'ਤੇ 4 ਜਿੰਦਾ ਕਾਰਤੂਸ ਬਰਾਮਦ ਕੀਤੇ ਗਏ। ਉਨਾਂ ਆਖਿਆ ਕਿ ਮਾਨਯੋਗ ਕੋਰਟ ਤੋਂ ਰਿਮਾਂਡ ਲੈਕੇ ਇੰਨਾਂ ਵਿਅਕਤੀਆਂ ਦੇ ਬੈਕਵਰਡ ਤੇ ਫਾਰਵਰਡ ਲਿੰਕ ਖੰਗਾਲੇ ਜਾਣਗੇ। ਜਿਕਰਯੋਗ ਹੈ ਕਿ ਲਵਪ੍ਰੀਤ ਸਿੰਘ ਵਾਸੀ ਕੋਟ ਹਿਰਦੇਰਾਮ ਆਮ ਆਦਮੀ ਪਾਰਟੀ ਦਾ ਸਰਗਰਮ ਆਗੂ ਹੈ, ਜਿਸ ਦੀਆਂ ਤਸਵੀਰਾਂ ਆਮ ਆਦਮੀ ਪਾਰਟੀ ਦੇ ਵੱਡੇ ਲੀਡਰਾਂ ਨਾਲ ਸੋਸ਼ਲ ਮੀਡੀਆ ਉਪਰ ਵਾਇਰਲ ਹੋ ਰਹੀਆਂ ਹਨ। ਪਿਛਲੇ ਇਕ ਦਿਨ ਤੋਂ ਆਮ ਆਦਮੀ ਪਾਰਟੀ ਲਈ ਇਹ ਗਿਰਫਤਾਰੀ ਨਿਮੋਸ਼ੀ ਦਾ ਕਾਰਨ ਬਣੀ ਹੋਈ ਹੈ।

# ਦਿੱਲੀ ਗੁਰਦੁਆਰਾ ਕਮੇਟੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਨੂੰ ਉਹਨਾਂ ਦਾ ਬਣਦਾ ਹੱਕ ਦੇਣ ਲਈ ਵਚਨਬੱਧ: ਕਾਲਕਾ, ਕਾਹਲੋਂ

ਨਵੀਂ ਦਿੱਲੀ, 19 ਮਾਰਚ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਕਮੇਟੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਦਾ ਬਣਦਾ ਇਕ-ਇਕ ਰੁਪਿਆ ਦੇਣ ਵਾਸਤੇ ਵਚਨਬੱਧ ਹੈ ਤੇ ਇਸ ਵਾਸਤੇ ਅਸੀਂ ਜੋ ਐਮ ਓ ਯੂ ਸਾਈਨ ਕੀਤਾ ਹੈ, ਉਸ ਮੁਤਾਬਕ ਇਕ-ਇਕ ਪੈਸਾ ਸਟਾਫ ਨੂੰ ਦਿੱਤਾ ਜਾਵੇਗਾ।



ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਭਰੋਸਾ ਦੁਆਇਆ ਹੈ ਕਿ ਅਸੀਂ ਇਸ ਸਾਰੇ ਮਾਮਲੇ ਨੂੰ ਹੱਲ ਕਰਨ ਲਈ ਯਤਨਸ਼ੀਲ ਹਾਂ ਤੇ 962 ਵਿਚੋਂ 919 ਸਟਾਫ ਮੈਂਬਰਾਂ ਨੇ ਸਾਬਤ ਕਰ ਦਿਤਾ ਕਿ ਉਹ ਸਾਡੇ ਨਾਲ ਖੜ੍ਹੇ ਹਨ। ਉਹਨਾਂ ਕਿਹਾ ਕਿ ਅਸੀਂ ਆਪਣੇ ਦੁਆਏ ਭਰੋਸੇ ਮੁਤਾਬਕ ਹਰ ਹਾਲਤ ਵਿਚ ਬਣਦਾ ਬਕਾਇਆ ਦੇਵਾਂਗੇ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਕੀਤੇ ਯਤਨਾਂ ਸਦਕਾ 7ਵੇਂ ਤਨਖਾਹ ਕਮਿਸ਼ਨ ਦੇ ਹਿਸਾਬ ਨਾਲ 38 ਫੀਸਦੀ ਤਨਖਾਹਾਂ ਸਟਾਫ ਦੇ ਖਾਤਿਆਂ ਵਿਚ ਪਹੁੰਚ ਗਈਆਂ ਹਨ। ਉਹਨਾਂ ਕਿਹਾ ਕਿ ਸਕੂਲਾਂ ਵਿਚ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਦੀ ਜ਼ਿੰਮੇਵਾਰੀ ਕਮੇਟੀ ਦੀ ਹੈ ਜਿਸ ਵਾਸਤੇ ਅਸੀਂ ਪੂਰੀ ਸੰਜੀਦਗੀ ਨਾਲ ਕੰਮ ਕਰ ਰਹੇ ਹਾਂ। ਉਹਨਾਂ ਕਿਹਾ ਕਿ ਅਸੀਂ ਹਰ ਹਾਲਤ ਵਿਚ ਸੰਗਤ ਦੇ ਸਹਿਯੋਗ ਨਾਲ ਨਾ ਸਿਰਫ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਨੂੰ ਕਾਮਯਾਬ ਕਰਾਂਗੇ ਬਲਕਿ ਅਸੀਂ ਸਮੁੱਚੇ ਗੁਰਦੁਆਰਾ ਪ੍ਰਬੰਧ ਤੇ ਸਿਹਤ ਤੇ ਸਿੱਖਿਆ ਦੇ ਖੇਤਰਾਂ ਵਿਚ ਵੀ ਸਫਲਤਾ ਨਾਲ ਕੰਮ ਕਰਨ ਲਈ ਪੁਰਜ਼ੋਰ ਯਤਨ ਕਰਾਂਗੇ। ਉਹਨਾਂ ਕਿਹਾ ਕਿ ਇਹ ਕਮੇਟੀ ਵਾਸਤੇ ਬਹੁਤ ਵੱਡੀ ਗੱਲ ਹੈ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਵਿਚੋਂ ਬਹੁਤ ਵੱਡੀ ਗਿਣਤੀ ਵਿਚ ਮੈਂਬਰਾਂ ਨੇ ਸਾਡੇ 'ਤੇ ਭਰੋਸਾ ਪ੍ਰਗਟ ਕੀਤਾ ਹੈ ਤੇ ਅਸੀਂ ਅਦਾਲਤ ਦੇ ਹੁਕਮਾਂ ਮੁਤਾਬਕ ਹਰ ਮੁਲਾਜ਼ਮ ਨੂੰ ਉਹਨਾਂ ਦੇ ਬਣਦੇ ਹੱਕ ਦੇਣ ਵਾਸਤੇ ਵਚਨਬੱਧ ਹਾਂ। ਉਹਨਾਂ ਕਿਹਾ ਕਿ ਬੇਸ਼ੱਕ ਵਿਰੋਧੀ ਜੋ ਮਰਜ਼ੀ ਕੂੜ ਪ੍ਰਚਾਰ ਕਰਦੇ ਰਹਿਣ ਪਰ ਸਾਡਾ ਕੰਮ ਸਿਰਫ ਤੇ ਸਿਰਫ ਚੰਗੇ ਪ੍ਰਬੰਧ ਦੇਣਾ ਹੈ ਤੇ ਅਸੀਂ ਉਸੇ ਦਿਸ਼ਾ ਵਿਚ ਕੰਮ ਕਰ ਰਹੇ ਹਾਂ।

# ਗੁਰੂ ਨਗਰੀ ਸੀ੍ ਅੰਮ੍ਰਿਤਸਰ ਸਾਹਿਬ ਜੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਕਰਾਉਣ ਲਈ 31 ਮਾਰਚ ਨੂੰ ਕਲਾਕਾਰ ਵੀ ਸ਼ਾਮਲ ਹੋਣਗੇ ਕਲਾਕਾਰ ਹਰਪਾਲ ਸਿੰਘ ਠੱਠਾ ਵਾਲਾ



**ਜੰਡਿਆਲਾ ਗੁਰੂ 19 ਮਾਰਚ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਪੰਜਾਬ ਸੀ੍ ਅੰਮਿਤਸਰ ਸਾਹਿਬ ਨੂੰ ਪਵਿੱਤਰਤਾ ਬਹਾਲੀ ਐਲਾਨ ਨੂੰ ਤੁਰੰਤ ਲਾਗੂ ਕਰਾਉਣ ਪ੍ਰਧਾਨ ਭੋਮਾ ਗੁਰੂ ਨਗਰੀ ਸਚਖੰਡ ਸੀ੍ ਹਰਿਮੰਦਰ ਸਾਹਿਬ ਜੀ ਸੀ੍ ਅੰਮ੍ਰਿਸਰ ਤੇ ਬਾਬਾ ਦੀਪ ਸਿੰਘ ਜੀ ਸ਼ਹੀਦ ਤੇ ਸੀ੍ ਦੁਰਗਿਆਣਾ ਮੰਦਰ ਜੀ ਦੇ ਦੇਸ ਵਿਦੇਸ ਤੋ ਹਵਾਈ ਜਹਾਜ਼ਾਂ ਟਰੇਨਾਂ ਤੇ ਬੱਸਾਂ ਕਾਰਾ ਵਹੀਕਲਾਂ ਤੇ ਪਹੁੰਚ ਰਹੀਆਂ ਸੰਗਤਾਂ ਨਤਮਸਤਕ ਹੋਣ ਤੇ ਬੱਸ ਸਟੈਂਡ ਤੇ ਰੇਲਵੇ ਸਟੇਸ਼ਨ ਤੋਂ ਦਰਸ਼ਨ ਕਰਨ ਸਮੇਂ ਵੱਖ ਵੱਖ ਬਜਾਰਾਂ ਚੋਕ ਹਾਲ ਗੇਟ ਚੋਕ ਮਹਾ ਸਿੰਘ ਤੇ ਸੇਰਾ ਵਾਲਾ ਗੇਟ ਤੇ ਥਾਨਾ ਬੀ ਡਵੀਜ਼ਨ ਕਹੀਆਂ ਵਾਲਾ ਬਜਾਰਾਂ ਵਿੱਚ ਮੀਟ ਮੱਛੀ ਪਾਨ ਬੀੜੀਆਂ ਤਮਾਕੂ ਤੇ ਸਰਾਬ ਦੇ ਠੇਕੇ ਪਿਛਲੇ ਲੰਮੇ ਸਮੇਂ ਤੋਂ ਸੰਗਤਾਂ ਦੀਆਂ ਸਰਧਾ ਭਾਵਨਾ ਨੂੰ ਠੇਸ ਪਹੁੰਚਾ ਰਹੀਆਂ ਹਨ ਉਨ੍ਹਾਂ ਸਾਰੀਆਂ ਦੁਕਾਨਾਂ ਨੂੰ ਪੱਕੇ ਤੌਰ ਬੰਦ ਕਰਾਉਣ ਲਈ ਪ੍ਰਧਾਨ ਰਣਜੀਤ ਸਿੰਘ ਭੋਮਾ ਦੀ ਸਾਰੀ ਟੀਮ ਵੱਲੋਂ 15 ਸਾਲਾਂ ਤੋਂ ਅਵਾਜ਼ ਬੁਲੰਦ ਕਰਕੇ ਜਿਲਾ ਪ੍ਰਸ਼ਾਸਨਕ ਅੰਮਿਤਸਰ ਤੇ ਪੰਜਾਬ ਸਰਕਾਰ ਨੂੰ ਵੱਖ ਵੱਖ ਮੰਗ ਪੱਤਰ ਦਿੱਤੇ ਗਏ ਸਨ ਮੰਗ ਪੱਤਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੀ੍ ਆਨੰਦਪੁਰ ਸਾਹਿਬ ਜੀ ਵਿਖੇ ਧੰਨ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ ਸ਼ਹੀਦੀ ਸਤਾਬਦੀ ਸਮਾਗਮਾਂ ਤੇ ਮਤਾ ਪਾਸ ਕਰਕੇ ਗੁਰੂ ਨਗਰੀ ਸੀ੍ ਅੰਮਿਤਸਰ ਸਾਹਿਬ ਜੀ 12 ਗੇਟਾਂ ਦੇ ਅੰਦਰ ਬਾਹਰ ਸਰਾਬ ਦੇ ਠੇਕੇ ਤੇ ਪਾਨ ਬੀੜੀਆਂ ਮੀਟ ਮੱਛੀ ਦੀਆਂ ਸਾਰੀਆਂ ਦੁਕਾਨਾਂ ਪੱਕੇ ਤੌਰ ਬੰਦ ਕਰਕੇ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦਾ ਐਲਾਨ ਕੀਤਾ ਗਿਆ ਸੀ ਦੇਸ ਵਿਦੇਸ ਦੀਆਂ ਸੰਗਤਾਂ ਵਿੱਚ ਬਹੁਤ ਹੀ ਖੁਸ਼ੀ ਪਾਈ ਗਈ ਸੀ ਪਰ ਤਿੰਨ ਮਹੀਨੇ ਐਲਾਨਿਆ ਹੋਇਆ ਪਰ ਕੁਝ ਦੁਸ਼ਟ ਦੁਕਾਨਾਂ ਵਾਲਿਆਂ ਨੇ ਆਪਣੇ ਕਾਰੋਬਾਰ ਨੂੰ ਬੰਦ ਨਹੀਂ ਕੀਤਾ ਜਿਸ ਕਰਕੇ ਗੁਰੂ ਨਗਰੀ ਚ ਪਵਿੱਤਰਤਾ ਬਹਾਲੀ ਅਜੇ ਤੱਕ ਨਹੀਂ ਹੋਈ ਕਲਾਕਾਰ ਦੇ ਪ੍ਰਧਾਨ ਕਲਾਕਾਰ ਹਰਪਾਲ ਸਿੰਘ ਠੱਠਾ ਵਾਲੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੀ੍ ਅੰਮਿਤਸਰ ਸਾਹਿਬ ਜੀ ਗੁਰੂ ਨਗਰੀ ਦੀ ਪਵਿੱਤਰਤਾ ਬਹਾਲੀ ਤੇ ਪਵਿੱਤਰ ਸ਼ਹਿਰ ਦਾ ਦਰਜਾ ਐਲਾਨਿਆ ਨੂੰ ਲਾਗੂ ਕਰਾਉਣ ਲਈ ਸਮਾਜ ਸੁਧਾਰ ਸੰਸਥਾ ਪੰਜਾਬ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਸਮੁੱਚੀ ਟੀਮ ਵੱਲੋਂ 31 ਮਾਰਚ ਨੂੰ ਚੋਕ ਮਹਾ ਸਿੰਘ ਤੋ ਸੀ੍ ਅਕਾਲ ਤਖਤ ਸਾਹਿਬ ਜੀ ਤੱਕ ਸਤਿਨਾਮ ਵਾਹਿਗੁਰੂ ਜੀ ਜਾਪ ਕਰਕੇ ਸੰਗਤ ਰੂਪੀ ਅਰਦਾਸ ਸਮਾਗਮ ਹੋ ਰਿਹਾ ਹੈ ਉਸ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਕਰਾਉਣ ਵਿੱਚ ਵੱਡੀ ਗਿਣਤੀ ਵਿੱਚ ਕਲਾਕਾਰ ਟੀਮ ਸਮੇਤ ਪਹੁੰਚਣਗੇ ਗੁਰੂ ਰਾਮਦਾਸ ਸਾਹਿਬ ਜੀ ਪਵਿੱਤਰ ਨਗਰੀ ਨੂੰ ਦਰਜਾ ਦਿਵਾਉਣ ਪ੍ਰਧਾਨ ਰਣਜੀਤ ਸਿੰਘ ਭੋਮਾ ਦੀ ਬਹੁਤ ਵੱਡੀ ਮਿਹਨਤ ਹੈ ਜਿੰਨਾ ਪਿਛਲੇ ਲੰਬੇ ਸਮੇਂ ਤੋ ਅਵਾਜ਼ ਬੁਲੰਦ ਕਰਕੇ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਕਰਵਾਇਆ ਹੈ ਪ੍ਰਧਾਨ ਰਣਜੀਤ ਸਿੰਘ ਭੋਮਾ ਵਧਾਈ ਦੇ ਹੱਕਦਾਰ ਹਨ ਇਸ ਮੌਕੇ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਦੱਸਿਆ ਕਿ , 31 ਮਾਰਚ ਅਰਦਾਸ ਸਮਾਗਮ ਵਿੱਚ ਗੁਰੂ ਰਾਮਦਾਸ ਸਾਹਿਬ ਜੀ ਦੀ ਪਵਿੱਤਰਤਾ ਬਹਾਲੀ ਲਈ ਵੱਖ ਵੱਖ ਧਾਰਮਿਕ ਸਭਾ ਸਭਾਵਾਂ ਸੰਸਥਾਵਾਂ ਨੂੰ ਸੱਦੇ ਪੱਤਰ ਦਿੱਤੇ ਜਾ ਰਹੇ ਹਨ ਤੇ ਭਾਰੀ ਉਤਹਾਸ ਨਾਲ ਵੱਡੀ ਗਿਣਤੀ ਸੰਗਤਾਂ ਵਾਹਿਗੁਰੂ ਜੀ ਜਾਪ ਕਰਕੇ ਸਾਮਲ ਹੋਣਗੀਆ ਇਸ ਮੌਕੇ ਤੇ ਬਾਬਾ ਰੋਡਾ ਸਪੋਰਟਸ ਕਲੱਬ ਰਜਿਸਟਰਡ ਦੇ ਪ੍ਰਧਾਨ ਕੁਲਵਿੰਦਰ ਸਿੰਘ ਭੋਮਾ ਮੈਬਰ ਪੰਚਾਇਤ ਹਰਬੀਰ ਸਿੰਘ ਭੋਮਾ ਜਥੇ ਹਰਜੀਤ ਸਿੰਘ ਭੋਮਾ ਕਿਸਾਨ ਆਗੂ ਮੁਖਤਿਆਰ ਸਿੰਘ ਰੰਧਾਵਾ ਜਰਮਨੀ ਹਾਜਰ ਸਨ !

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਲਈ ਸਰਕਾਰਾ ਬਹਾਨੇ ਨਾ ਬਣਾਉਣ : ਕਰਨੈਲ ਸਿੰਘ ਪੀਰ ਮੁਹੰਮਦ

# ਗੱਲ ਪੰਜਾਬ ਦੀ ਕਰਨਾ ਬੇਹੱਦ ਜ਼ਰੂਰੀ : ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ

## ਬੀਬੀਆਂ ਆਪਣੇ ਹੱਥਾਂ ਨੂੰ ਹੁਨਰਮੰਦ ਬਣਾਉਣ -ਮਾਤਾ ਚਰਨ ਕਮਲ













**ਅੰਮ੍ਰਿਤਸਰ 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਅੱਜ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਗੱਲ ਪੰਜਾਬ ਦੀ ਬੈਨਰ ਹੇਠ ਹੋਏ ਵਿਸ਼ਾਲ ਸਮਾਗਮ ਵਿੱਚ ਨੌਜਵਾਨਾਂ ਨੇ ਬੜੇ ਉਤਸ਼ਾਹ ਨਾਲ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਇਹ ਉਹ ਵਿਦਿਆਰਥੀ ਤੇ ਵਿਦਿਆਰਥਣਾ ਸਨ ਜਿਹੜੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਤੇ ਅਲੱਗ ਅਲੱਗ ਕਾਲਜਾਂ ਵਿੱਚ ਪੜ੍ਹਦੇ ਹਨ ਇਸ ਮੌਕੇ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾਕਟਰ ਕਰਮਜੀਤ ਸਿੰਘ ਨੇ ਆਏ ਹੋਏ ਮਹਿਮਾਨਾਂ ਸਵਾਗਤ ਕੀਤਾ । ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਕਿਸਾਨ ਮਜ਼ਦੂਰ ਵਿਦਿਆਰਥੀ ਔਰ ਦੇਸ਼ ਦੇ ਸਮੁੱਚੇ ਨਾਗਰਿਕ ਹਰ ਪਰਿਵਾਰ ਲਈ ਬੇਹੱਦ ਅਹਿਮੀਅਤ ਰੱਖਦੇ ਹਨ ਜਦੋਂ ਅਸੀਂ ਪੰਜਾਬ ਦੀ ਗੱਲ ਕਰਦੇ ਹਾਂ ਤਾ ਪੰਜਾਬ ਦਾ ਕਿਸਾਨ ਬੇਹੱਦ ਮਯੂਸੀਭਰੇ ਦੇ ਵਿੱਚੋਂ ਗੁਜਰਿਆ ਕਿਉਂਕਿ ਬੇਰੁਜ਼ਗਾਰੀ ਕਰਕੇ ਉਹਨਾਂ ਦੇ ਬੱਚਿਆਂ ਨੂੰ ਨੌਕਰੀਆਂ ਤੇ ਰੁਜ਼ਗਾਰ ਨਹੀਂ ਮਿਲ ਰਿਹਾ ਉਹਨਾਂ ਦੀਆਂ ਬੀਜੀਆਂ ਹੋਈਆਂ ਫਸਲਾਂ ਮੰਡੀਆਂ ਦੇ ਵਿੱਚ ਰੁਲ ਜਾਂਦੀਆਂ ਹਨ ਇਸ ਕਰਕੇ ਸਰਕਾਰਾਂ ਨੂੰ ਚਾਹੀਦਾ ਹੈ ਕਿ ਕਿਸਾਨਾਂ ਵੱਲ ਵਿਸ਼ੇਸ਼ ਤਵੱਜੋ ਦੇਣ ਕਿਉਂਕਿ ਕਿਸਾਨ ਜਿਹੜਾ ਉਹ ਦੇਸ਼ ਦਾ ਅੰਨਦਾਤਾ ਮੰਨਿਆ ਜਾਂਦਾ ਤੇ ਅੰਨਦਾਤੇ ਦੀ ਬੇਕਦਰੀ ਹੋਣੀ ਬੇਹੱਦਆਈਆਈਟੀ ਰੋਪੜ ਦੇ ਡਾਰੈਕਟਰ ਰਜੀਵ ਆਹੂਜਾ , ਬੀਬਾ ਚਰਨਕਮਲ ਕੌਰ ਚੇਅਰਪਰਸਨ ਕਰਤਾਰ ਆਸਰਾ ਟਰਸਟ ਚੰਡੀਗੜ੍ਹਸ੍ਰੀ ਚੇਤਨ ਸੁਹੇੜ ਕਨਵੀਨਰ ਗੱਲ ਪੰਜਾਬ ਦੀ ਡਾਕਟਰ ਅਨਿਲ ਅੰਗਰੀਸ , ਡਾਕਟਰ ਸਰੌਜ ਅਰੋੜਾ ਡੀਨ ਕਾਲਜਿਸ,ਅਮਰਜੀਤ ਸਿੰਘ ਸੋਹੀ ਡੀਨ ਅਕਾਦਮਿਕ ਯੂਨੀਵਰਸਿਟੀ ਸਮੇਤ ਅਨੇਕਾਂ ਪ੍ਰਮੁੱਖ ਸ਼ਖਸ਼ੀਅਤਾਂ ਸਟੇਜ ਤੇ ਹਾਜ਼ਰ ਸਨ ਇਸ ਮੌਕੇ ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਗੱਲ ਪੰਜਾਬ ਦੀ ਨੂੰ ਅੱਗੇ ਤੋਰਦਿਆਂ ਕਿਹਾ ਕਿ ਪੰਜਾਬੀ ਬੜੇ ਦਿਲਦਾਰ ਹਨ ਪੰਜਾਬੀਆਂ ਦੇ ਨਾਲ ਜਦੋਂ ਵਿਤਕਰਾ ਹੁੰਦਾਤਾਂ ਪੰਜਾਬੀ ਆਪਣੇ ਹੱਕਾਂ ਹਕੂਕਾਂ ਵਾਸਤੇ ਜਦੋਂ ਜਦੋਜਹਿਦ ਕਰਨ ਤੋਂ ਗੁਰੇਜ਼ ਨਹੀਂ ਕਰਦੇ ਇਸ ਮੌਕੇ ਤੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਦੀ ਸਿੰਘ ਸਾਹਿਬ ਨੇ ਤਾਰੀਫ ਕਰਦਿਆਂ ਕਿਹਾ ਕਿ ਉਹ ਆਪਣੇ ਆਪ ਨੂੰ ਹਮੇਸ਼ਾ ਕੌਮ ਤੇ ਸਮਾਜ ਲਈ ਤੱਤਪਰ ਰੱਖਦੇ ਹਨ ਉਹਨਾ ਪੰਜਾਬ ਦੇ ਨੌਜਵਾਨਾਂ ਪ੍ਰਤੀ ਗੁਰੂ ਨਾਨਕ ਦੇਵ ਯੂਨੀਵਰਸਿਟੀ, ਆਈਟੀ ਰੋਪੜ ਤੇ ਹੋਰ ਵਿੱਦਿਅਕ ਅਦਾਰਿਆਂ ਨੂੰ ਅਪੀਲ ਕੀਤੀ ਕਿ ਉਹ ਨੌਜਵਾਨਾਂ ਨੂੰ ਖਾਸ ਕਰਕੇ ਵਿਦਿਆਰਥੀਆਂ ਨੂੰ ਹੁਨਰਮੰਦ ਬਣਾਉਣ ਲਈ ਵੀ ਠੋਸ ਉਪਰਾਲੇ ਕਰਨ ਪੰਜਾਬ ਦੇ ਵਿੱਚ ਇੱਕ ਇਸ ਤਰ੍ਹਾਂ ਦੀ ਯੂਨੀਵਰਸਿਟੀ ਸਥਾਪਿਤ ਕੀਤੀ ਜਾਵੇ ਜਿੱਥੇ ਹੁਨਰ ਨਾਲ ਸੰਬੰਧਿਤ ਸਿੱਖਿਆ ਉਪਲਬਧ ਹੋ ਸਕੇਇਸ ਮੌਕੇ ਬੀਬਾ ਚਰਨ ਕਮਲ ਕੌਰ ਚੇਅਰ ਪਰਸਨ ਕਰਤਾਰਾ ਆਸਰਾ ਚਸ ਨੇ ਕਿਹਾ ਕਿ ਬੀਬੀਆਂ ਦਾ ਸਿੱਖ ਇਤਿਹਾਸ ਦੇ ਵਿੱਚ ਵੀ ਬਹੁਤ ਵੱਡਾ ਯੋਗਦਾਨ ਹੈ ਕਿ ਮੌਜੂਦਾ ਪੰਜਾਬ ਤੇ ਹਾਲਾਤਾਂ ਵਿੱਚ ਬੀਬੀਆਂ ਪੰਜਾਬ ਨੂੰ ਇੱਕ ਨਵੀਂ ਦਿਸ਼ਾ ਦੇ ਸਕਦੀਆਂ ਨੇ ਖਾਸ ਕਰਕੇ ਸਾਡੀਆਂ ਔਰਤਾਂ ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋਣ ਤੇ ਗੱਲ ਪੰਜਾਬ ਦੀ ਦਾ ਹਿੱਸਾ ਬਣਨ ਇਸ ਮੌਕੇ ਬੀਬਾ ਚਰਨ ਕਮਲ ਕੌਰ ਚੇਅਰ ਪਰਸਨ ਕਰਤਾਰਾ ਆਸਰਾ ਚਸ ਨੇ ਕਿਹਾ ਕਿ ਬੀਬੀਆਂ ਦਾ ਸਿੱਖ ਇਤਿਹਾਸ ਦੇ ਵਿੱਚ ਵੀ ਬਹੁਤ ਵੱਡਾ ਯੋਗਦਾਨ ਹੈ ਕਿ ਮੌਜੂਦਾ ਪੰਜਾਬ ਤੇ ਹਾਲਾਤਾਂ ਵਿੱਚ ਬੀਬੀਆਂ ਪੰਜਾਬ ਨੂੰ ਇੱਕ ਨਵੀਂ ਦਿਸ਼ਾ ਦੇ ਸਕਦੀਆਂ ਨੇ ਖਾਸ ਕਰਕੇ ਸਾਡੀਆਂ ਔਰਤਾਂ ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋਣ ਤੇ ਗੱਲ ਪੰਜਾਬ ਦੀ ਦਾ ਹਿੱਸਾ ਬਣਨ ਡਾਕਟਰ ਕਰਮਜੀਤ ਸਿੰਘ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਨਾਲ ਹੀ ਕਿਹਾ ਕਿ ਗੁਰੂ ਨਾਨਕ ਦੇਵ ਜੀ ਯੂਨੀਵਰਸਿਟੀ ਪੰਜਾਬੀ ਮਾਂ ਬੋਲੀ ਪ੍ਰਤੀ ਬੇਹਦ ਫਿਕਰ ਮੰਨਦੇ ਤੇ ਅਸੀਂ ਹਰ ਵਿਸ਼ੇ ਵਿੱਚ ਪੰਜਾਬੀ ਨੂੰ ਅੱਗੇ ਹੋ ਕੇ ਮਾਨ ਸਤਿਕਾਰ ਦੇਣ ਵੱਲ ਕਦਮ ਵਧਾ ਰਹੇ ਹਾਂ ਉਹਨਾਂ ਨੇ ਕਿਹਾ ਕਿ ਸਾਡੇ ਵਿਦਿਆਰਥੀ ਦੇਸ਼ ਦੁਨੀਆਂ ਵਿੱਚ ਤਰੱਕੀਆਂ ਦੀਆਂ ਬੁਲੰਦੀਆਂ ਹਾਸਲ ਕਰ ਰਹੇ ਨੇ ਇਥੋਂ ਪੜੇ ਹੋਏ ਵਿਦਿਆਰਥੀ ਹਰ ਖੇਤਰ ਵਿੱਚ ਅੱਗੇ ਵੱਧ ਰਹੇ ਹਨ। ਉਹਨਾਂ ਨੇ ਗੱਲ ਪੰਜਾਬ ਦੀ ਦੀ ਬੇਹਦ ਸ਼ਲਾਘਾ ਕਰਦਿਆਂ ਸਮੁੱਚੇ ਆਯੋਜਕਾਂ ਦਾ ਵੀ ਧੰਨਵਾਦ ਕੀਤਾ ਆਈਆਈਟੀ ਰੋਪੜ ਦੇ ਡਾਇਰੈਕਟਰ ਡਾਕਟਰ ਰਜੀਵ ਆਹੂਜਾ ਨੇ ਕਿਹਾ ਕਿ ਕਿਸਾਨਾਂ ਨੂੰ ਨਵੀਂ ਟਕਨੀਕ ਨਾਲ ਜੋੜ ਲਾਈ ਏ ਬਹੁਤ ਸਾਰੇ ਜੰਤਰ ਆਈ ਆਈ ਟੀ ਰੋਪੜ ਤਿਆਰ ਕਰ ਰਿਹਾ ਹੈ। ਇਹ ਆਉਂਦੇ ਸਮੇਂ ਦੇ ਵਿੱਚ ਹਰ ਗ੍ਰਾਮ ਪੰਚਾਇਤ ਨੂੰ ਇਹ ਜੰਤਰ ਮੁਹਈਆ ਕਰਵਾਏ ਜਾਣਗੇ ਜਿਸ ਦੇ ਨਾਲ ਉਹ ਆਪਣੀ ਖੇਤੀ ਦੇ ਵਿੱਚ ਨਵੀਨਤਨ ਖੇਤੀ ਵੱਲ ਕਦਮ ਚੁੱਕ ਸਕਣਗੇ ਉਹਨਾਂ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਫੈਲੋਸ਼ਿਪ ਦੇਣ ਲਈ ਵੀ ਆਈਆਈਟੀ ਰੋਪਰ ਬਹੁਤ ਹੀ ਵੱਡੇ ਉਪਰਾਲੇ ਕਰ ਰਹੀ ਹੈ ਸਾਡੇ ਵਿਦਿਆਰਥੀ ਪੀਐਚਡੀ ਕਰਨ ਲਈ ਥੀਸਿਸ ਦੀ ਜਗ੍ਹਾ ਪ੍ਰੈਕਟੀਕਲ ਤਜਰਬੇ ਨਾਲ ਵਿੱਦਿਅਕ ਯੋਗਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਇਸ ਮੌਕੇ ਭਾਈ ਦਵਿੰਦਰ ਸਿੰਘ ਪ੍ਰਧਾਨ ਸੰਤ ਸਿਪਾਹੀ ਦਾ ਪੰਜਾਬ ,ਸਰਦਾਰ ਜੁਗਰਾਜ ਸਿੰਘ ਮਝੈਲ ਪ੍ਰਧਾਨ ਯੂਨਾਈਟਡ ਸਿੱਖ ਫੈਡਰੇਸ਼ਨ ,ਸਰਦਾਰ ਨਰਿੰਦਰ ਸਿੰਘ ਸੰਧੂ ਸੀਨੀਅਰ ਆਗੂ ਫੈਡਰੇਸ਼ਨ ,ਕੈਪਟਨ ਅਮਰਿੰਦਰ ਸਿੰਘ ,ਭੁਪਿੰਦਰ ਸਿੰਘ ਕੈਪਟਨ ਮਹਿੰਦਰ ਸਿੰਘ ,ਸੁੱਚਾ ਸਿੰਘ ਜੀ ਗੱਗੂਮਾਹਲ ,ਸਰਦਾਰ ਸੁੱਚਾ ਸਿੰਘ ਗਗੋਵਾਲ ਗੁਰਮੀਤ ਸਿੰਘ ,ਸਰਦਾਰ ਗੁਰਮੇਲ ਸਿੰਘ ,ਸਰਦਾਰ ਜਤਿੰਦਰ ਸਿੰਘ ਸਮੇਤ ਹਾਜਰ ਸਨ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਡਿਜ਼ੀਟਲ ਕੂੜਾ

# ਡਿਜ਼ੀਟਲ ਯੁੱਗ ਦੀ ਗੁਪਤ ਸਮੱਸਿਆ



**ਆਧੁਨਿਕ** ਸੰਸਾਰ ਵਿੱਚ ਲੋਕ ਹਰ ਰੋਜ਼ ਬਹੁਤ ਵੱਡੀ ਮਾਤਰਾ ਵਿੱਚ ਡਿਜ਼ੀਟਲ ਜਾਣਕਾਰੀ ਪੈਦਾ ਕਰ ਰਹੇ ਹਨ। ਈਮੇਲਾਂ, ਫੋਟੋਆਂ, ਵੀਡੀਓਜ਼, ਦਸਤਾਵੇਜ਼, ਬ੍ਰਾਊਜ਼ਿੰਗ ਇਤਿਹਾਸ ਅਤੇ ਸੋਸ਼ਲ ਮੀਡੀਆ ਗਤੀਵਿਧੀਆਂ ਲਗਾਤਾਰ ਕੰਪਿਊਟਰਾਂ, ਸਮਾਰਟਫੋਨਾਂ ਅਤੇ ਕਲਾਉਡ ਸਰਵਰਾਂ ਵਿੱਚ ਇਕੱਠੀਆਂ ਹੁੰਦੀਆਂ ਰਹਿੰਦੀਆਂ ਹਨ। ਭਾਵੇਂ ਇਹ ਜਾਣਕਾਰੀ ਨਿਰਦੋਸ਼ ਲੱਗਦੀ ਹੈ, ਪਰ ਸਮੇਂ ਦੇ ਨਾਲ ਇਸ ਦਾ ਵੱਡਾ ਹਿੱਸਾ ਬੇਕਾਰ ਹੋ ਜਾਂਦਾ ਹੈ ਅਤੇ ਇਸਨੂੰ ਮਾਹਿਰਾਂ ਦੁਆਰਾ ਡਿਜ਼ੀਟਲ ਕੂੜਾ ਕਿਹਾ ਜਾਂਦਾ ਹੈ।

ਇਹ ਅਦਿੱਖ ਗੰਦਗੀ ਹੁਣ ਵਿਅਕਤੀਆਂ, ਸੰਸਥਾਵਾਂ ਅਤੇ ਵਾਤਾਵਰਣ ਲਈ ਇੱਕ ਨਵੀਂ ਚੁਣੌਤੀ ਵਜੋਂ ਉਭਰ ਰਹੀ ਹੈ।

**ਡਿਜ਼ੀਟਲ ਕੂੜਾ ਦੀ ਪਰਿਭਾਸ਼ਾ**

ਡਿਜ਼ੀਟਲ ਕੂੜਾ ਉਸ ਬੇਲੋੜੇ, ਅਣਵਰਤੇ ਜਾਂ ਬਚੇ ਹੋਏ ਡਿਜ਼ੀਟਲ ਡਾਟਾ ਨੂੰ ਕਿਹਾ ਜਾਂਦਾ ਹੈ ਜੋ ਸਮੇਂ ਦੇ ਨਾਲ ਕੰਪਿਊਟਰਾਂ, ਸਰਵਰਾਂ, ਕਲਾਉਡ ਸਟੋਰੇਜ ਅਤੇ ਆਨਲਾਈਨ ਪਲੇਟਫਾਰਮਾਂ ਵਿੱਚ ਇਕੱਠਾ ਹੋ ਜਾਂਦਾ ਹੈ।

ਇਸ ਵਿੱਚ ਪੁਰਾਣੀਆਂ ਫਾਇਲਾਂ, ਡੁਪਲੀਕੇਟ ਫੋਟੋਆਂ, ਨਾ ਵਰਤੇ ਜਾਣ ਵਾਲੀਆਂ ਐਪਲੀਕੇਸ਼ਨਾਂ, ਬ੍ਰਾਊਜ਼ਿੰਗ ਇਤਿਹਾਸ, ਸਪੈਮ ਈਮੇਲਾਂ ਅਤੇ ਦਿਨ-ਪ੍ਰਤੀਦਿਨ ਦੀ ਆਨਲਾਈਨ ਗਤੀਵਿਧੀ ਨਾਲ ਬਣਿਆ ਹੋਇਆ ਮੈਟਾਡਾਟਾ ਸ਼ਾਮਲ ਹੁੰਦਾ ਹੈ।

ਸਾਧਾਰਨ ਸ਼ਬਦਾਂ ਵਿੱਚ, ਡਿਜ਼ੀਟਲ ਕੂੜਾ ਡਿਜ਼ੀਟਲ ਦੁਨੀਆ ਦਾ ਕੂੜਾ ਹੈ, ਜੋ ਸਟੋਰੇਜ ਦੀ ਜਗ੍ਹਾ ਘੇਰਦਾ ਹੈ ਅਤੇ ਸਰੋਤਾਂ ਦੀ ਖ਼ਪਤ ਕਰਦਾ ਹੈ ਪਰ ਕਿਸੇ ਹਕੀਕਤੀ ਲਾਭ ਦੀ ਪ੍ਰਦਾਨਗੀ ਨਹੀਂ ਕਰਦਾ।

ਡਿਜ਼ੀਟਲ ਕੂੜੇ ਦੇ ਕੁਝ ਉਦਾਹਰਨ:

ਪੁਰਾਣੀਆਂ ਅਤੇ ਸਪੈਮ ਈਮੇਲਾਂ, ਡੁਪਲੀਕੇਟ ਫੋਟੋਆਂ ਅਤੇ ਵੀਡੀਓਜ਼, ਪੁਰਾਣੇ ਦਸਤਾਵੇਜ਼ ਜਾਂ ਬੈਕਅਪ, ਨਾ ਵਰਤੇ ਜਾਣ ਵਾਲੀਆਂ ਐਪਲੀਕੇਸ਼ਨਾਂ, ਬ੍ਰਾਊਜ਼ਰ ਕੁਕੀਜ਼ ਅਤੇ ਬ੍ਰਾਊਜ਼ਿੰਗ ਹਿਸਟਰੀ, ਸੋਸ਼ਲ ਮੀਡੀਆ ਡਾਟਾ ਅਤੇ ਛੱਡੇ ਹੋਏ ਖਾਤੇ।

ਸਮੇਂ ਦੇ ਨਾਲ ਇਹ ਡਿਜ਼ੀਟਲ ਅਵਸ਼ੇਸ਼ ਚੁੱਪਚਾਪ ਇਕੱਠੇ ਹੋ ਕੇ ਡਿਜ਼ੀਟਲ ਕੂੜੇ ਦਾ ਵੱਡਾ ਭੰਡਾਰ ਬਣਾਉਂਦੇ ਹਨ।

**ਡਿਜ਼ੀਟਲ ਕੂੜਾ ਕਿਵੇਂ ਬਣਦਾ ਹੈ ?**

ਤਕਨੀਕ ਅਤੇ ਡਿਜ਼ੀਟਲ ਸੇਵਾਵਾਂ ਦੇ ਤੇਜ਼ੀ ਨਾਲ ਵੱਧਣ ਕਾਰਨ ਡਿਜ਼ੀਟਲ ਕੂੜਾ ਦੀ ਪੈਦਾਵਾਰ ਵੀ ਵੱਧ ਗਈ ਹੈ।

ਮੁੱਖ ਕਾਰਣ ਇਹ ਹਨ:

ਵੱਡੀ ਮਾਤਰਾ ਵਿੱਚ ਡਾਟਾ ਦੀ ਪੈਦਾਵਾਰ

ਹਰ ਰੋਜ਼ ਅਰਬਾਂ ਫੋਟੋਆਂ, ਫਾਇਲਾਂ ਅਤੇ ਈਮੇਲਾਂ ਬਣਦੀਆਂ ਹਨ।

ਸਸਤਾ ਡਿਜ਼ੀਟਲ ਸਟੋਰੇਜ

ਸਟੋਰੇਜ ਸਸਤਾ ਹੋਣ ਕਾਰਨ ਲੋਕ ਡਾਟਾ ਨੂੰ ਬਿਨਾਂ ਸੋਚੇ ਲੰਬੇ ਸਮੇਂ ਲਈ ਸੰਭਾਲ ਕੇ ਰੱਖ ਲੈਂਦੇ ਹਨ।

ਕਲਾਉਡ ਕੰਪਿਊਟਿੰਗ

ਕਲਾਉਡ ਪਲੇਟਫਾਰਮ ਲੋਕਾਂ ਨੂੰ ਬੇਹਦ ਡਾਟਾ ਆਨਲਾਈਨ ਸੰਭਾਲਣ ਦੀ ਸੁਵਿਧਾ ਦਿੰਦੇ ਹਨ।

ਸੋਸ਼ਲ ਮੀਡੀਆ ਗਤੀਵਿਧੀ

ਹਰ ਲਾਈਕ, ਕੁਮੈਂਟ ਅਤੇ ਪੋਸਟ ਨਵਾਂ ਮੈਟਾਡਾਟਾ ਬਣਾਉਂਦਾ ਹੈ।

ਡਿਜ਼ੀਟਲ ਸਫ਼ਾਈ ਦੀ ਕਮੀ

ਬਹੁਤ ਸਾਰੇ ਯੂਜ਼ਰ ਅਣਜਰੂਰੀ ਫਾਇਲਾਂ ਨੂੰ ਕਦੇ ਵੀ ਡਲੀਟ ਨਹੀਂ ਕਰਦੇ।

ਅਧਿਐਨਾਂ ਮੁਤਾਬਕ ਸੰਸਥਾਵਾਂ ਵਿੱਚ ਸਟੋਰ ਕੀਤਾ ਗਿਆ ਲਗਭਗ 85% ਡਾਟਾ ਕਦੇ ਵਰਤਿਆ ਨਹੀਂ ਜਾਂਦਾ, ਫਿਰ ਵੀ ਇਹ ਸਟੋਰੇਜ ਅਤੇ ਊਰਜਾ ਦੀ ਖਪਤ ਕਰਦਾ ਰਹਿੰਦਾ ਹੈ।

**ਡਿਜ਼ੀਟਲ ਕੂੜੇ ਦੇ ਪ੍ਰਭਾਵ**

ਵਾਤਾਵਰਣ ਉੱਤੇ ਪ੍ਰਭਾਵ

ਭਾਵੇਂ ਡਿਜ਼ੀਟਲ ਕੂੜਾ ਦਿਖਾਈ ਨਹੀਂ ਦਿੰਦੀ, ਪਰ ਇਹ ਵਾਤਾਵਰਣ ਨੂੰ ਪ੍ਰਭਾਵਿਤ ਕਰਦੀ ਹੈ।

ਡਿਜ਼ੀਟਲ ਡਾਟਾ ,ਡਾਟਾ ਸੈਂਟਰਾਂ ਵਿੱਚ ਸਟੋਰ ਹੁੰਦਾ ਹੈ, ਜਿੱਥੇ ਸਰਵਰਾਂ ਨੂੰ ਚਲਾਉਣ ਅਤੇ ਠੰਢਾ ਰੱਖਣ ਲਈ ਵੱਡੀ ਮਾਤਰਾ ਵਿੱਚ ਬਿਜਲੀ ਦੀ ਲੋੜ ਪੈਂਦੀ ਹੈ।

ਡਾਟਾ ਸੈਂਟਰ ਦੁਨੀਆ ਦੀ ਕੁੱਲ ਬਿਜਲੀ ਦਾ ਲਗਭਗ 1.5% ਖਪਤ ਕਰਦੇ ਹਨ।

ਡਿਜ਼ੀਟਲ ਉਦਯੋਗ ਦੁਨੀਆ ਦੇ ਕੁੱਲ ਕਾਰਬਨ ਉਤਸਰਜਨ ਦਾ 2-4% ਯੋਗਦਾਨ ਪਾਉਂਦਾ ਹੈ।

ਇੱਕ ਆਮ ਈਮੇਲ ਭੇਜਣ ਨਾਲ ਲਗਭਗ 4 ਗ੍ਰਾਮ ਕਾਰਬਨ ਡਾਈਅਕਸਾਈਡ 3® ? ਉਤਪੰਨ ਹੁੰਦੀ ਹੈ। ਹਰ ਰੋਜ਼ ਭੇਜੀਆਂ ਜਾਣ ਵਾਲੀਆਂ ਅਰਬਾਂ ਈਮੇਲਾਂ ਇਸ ਊਰਜਾ ਖਪਤ ਨੂੰ ਕਾਫ਼ੀ ਵਧਾ ਦਿੰਦੀਆਂ ਹਨ।

ਕਾਰਗੁਜ਼ਾਰੀ ਵਿੱਚ ਕਮੀ

ਡਿਜ਼ੀਟਲ ਕੂੜਾ ਕਾਰਨ ਸਿਸਟਮ ਦੀ ਗਤੀ ਹੌਲੀ ਹੋ ਸਕਦੀ ਹੈ।

ਸਟੋਰੇਜ ਭਰ ਜਾਣ ਨਾਲ ਡਿਵਾਈਸ ਦੀ ਕਾਰਗੁਜ਼ਾਰੀ ਘੱਟਦੀ ਹੈ।

ਫਾਇਲਾਂ ਖੋਜਣ ਵਿੱਚ ਵਧੇਰੇ ਸਮਾਂ ਲੱਗਦਾ ਹੈ।

ਸੌਫਟਵੇਅਰ ਨੂੰ ਵੱਡੇ ਡਾਟਾ ਨੂੰ ਪ੍ਰੋਸੈਸ ਕਰਨ ਵਿੱਚ ਮੁਸ਼ਿਕਲ ਆਉਂਦੀ ਹੈ।

ਇਹ ਹਾਲਤ ਭੌਤਿਕ ਗੰਦਗੀ ਵਾਂਗ ਹੈ ਜੋ ਕੰਮ ਦੀ ਉਤਪਾਦਕਤਾ ਨੂੰ ਘਟਾ ਦਿੰਦੀ ਹੈ।

ਸਮੇਂ ਦੀ ਬਰਬਾਦੀ

ਲੋਕ ਅਤੇ ਕਰਮਚਾਰੀ ਅਕਸਰ ਬੇਲੋੜੀਆਂ ਫਾਇਲਾਂ ਅਤੇ ਈਮੇਲਾਂ ਵਿੱਚੋਂ ਲੋੜੀਂਦੀ ਜਾਣਕਾਰੀ ਲੱਭਣ ਵਿੱਚ ਬਹੁਤ ਸਮਾਂ ਗਵਾ ਦਿੰਦੇ ਹਨ।

ਭਰੇ ਹੋਏ ਇਨਬਾਕਸ ਵਿੱਚੋਂ ਈਮੇਲ ਲੱਭਣਾ।

ਡੁਪਲੀਕੇਟ ਫਾਇਲਾਂ ਸੰਭਾਲਣਾ।

ਅਸੰਗਠਿਤ ਡਿਜ਼ੀਟਲ ਫੋਲਡਰ ਠੀਕ ਕਰਨਾ।

ਇਹ ਸਾਰਾ ਸਮਾਂ ਉਤਪਾਦਕਤਾ ਨੂੰ ਘਟਾਉਂਦਾ ਹੈ।

ਹਾਰਡਵੇਅਰ ਦੀ ਵੱਧਦੀ ਮੰਗ

ਜਦੋਂ ਸਟੋਰੇਜ ਡਿਜ਼ੀਟਲ ਕੂੜੇ ਨਾਲ ਭਰ ਜਾਂਦਾ ਹੈ ਤਾਂ ਸੰਸਥਾਵਾਂ ਨੂੰ ਨਵੇਂ ਸਰਵਰ ਅਤੇ ਸਟੋਰੇਜ ਖਰੀਦਣੇ ਪੈਂਦੇ ਹਨ। ਇਸ ਨਾਲ ਹਾਰਡਵੇਅਰ ਨਿਰਮਾਣ ਵੱਧਦਾ ਹੈ ਅਤੇ ਇਲੈਕਟ੍ਰਾਨਿਕ ਕੂੜੇ ਦੀ ਸਮੱਸਿਆ ਵੀ ਵੱਧਦੀ ਹੈ।

ਡਿਜ਼ੀਟਲ ਕੂੜੇ ਨੂੰ ਸਮਝਣ ਦੀ ਮਹੱਤਤਾ

ਵਾਤਾਵਰਣਕ ਸਥਿਰਤਾ

ਬੇਲੋੜੇ ਡਾਟਾ ਨੂੰ ਘਟਾਉਣ ਨਾਲ ਊਰਜਾ ਦੀ ਖਪਤ ਅਤੇ ਕਾਰਬਨ ਉਤਸਰਜਨ ਘੱਟ ਸਕਦੇ ਹਨ।

ਸਿਸਟਮ ਦੀ ਵਧੀਆ ਕਾਰਗੁਜ਼ਾਰੀ

ਸਾਫ਼-ਸੁਥਰੇ ਡਿਜ਼ੀਟਲ ਸਿਸਟਮ ਤੇਜ਼ ਅਤੇ ਪ੍ਰਭਾਵਸ਼ਾਲੀ ਹੁੰਦੇ ਹਨ।

ਵਧੀਆ ਡਾਟਾ ਪ੍ਰਬੰਧਨ

ਸੰਗਠਿਤ ਡਿਜ਼ੀਟਲ ਵਾਤਾਵਰਣ ਵਿੱਚ ਜਰੂਰੀ ਜਾਣਕਾਰੀ ਜਲਦੀ ਮਿਲ ਜਾਂਦੀ ਹੈ।

ਖ਼ਰਚੇ ਵਿੱਚ ਕਮੀ

ਕਾਰੋਬਾਰ ਕਲਾਉਡ ਸਟੋਰੇਜ ਅਤੇ ਆਈਟੀ ਢਾਂਚੇ ਦੇ ਖਰਚੇ ਘਟਾ ਸਕਦੇ ਹਨ।

ਡਿਜ਼ੀਟਲ ਡਾਟਾ ਦੇ ਲਾਭ ਅਤੇ ਹਾਨੀਆਂ

ਲਾਭ

ਮਹੱਤਵਪੂਰਨ ਦਸਤਾਵੇਜ਼ਾਂ ਦੀ ਸੰਭਾਲ।

ਖੋਜ ਅਤੇ ਗਿਆਨ ਲਈ ਇਤਿਹਾਸਕ ਰਿਕਾਰਡ।

ਬੈਕਅਪ ਰਾਹੀਂ ਸੁਰੱਖਿਆ।

ਕਲਾਉਡ ਰਾਹੀਂ ਹਰ ਜਗ੍ਹਾ ਤੋਂ ਪਹੁੰਚ।

ਹਾਨੀਆਂ

ਵੱਡੀ ਊਰਜਾ ਖਪਤ।

ਡਿਵਾਈਸ ਦੀ ਗਤੀ ਵਿੱਚ ਕਮੀ।

ਵਾਤਾਵਰਣਕ ਪ੍ਰਦੂਸ਼ਣ।

ਉਤਪਾਦਕਤਾ ਵਿੱਚ ਘਾਟ।

ਸਾਈਬਰ ਸੁਰੱਖਿਆ ਦੇ ਖ਼ਤਰੇ।

ਡਿਜ਼ੀਟਲ ਕੂੜੇ ਘਟਾਉਣ ਲਈ ਰਣਨੀਤੀਆਂ

ਡਿਜ਼ੀਟਲ ਸਫ਼ਾਈ

ਨਿਯਮਿਤ ਤੌਰ 'ਤੇ ਬੇਲੋੜੀਆਂ ਫਾਇਲਾਂ, ਈਮੇਲਾਂ ਅਤੇ ਡੁਪਲੀਕੇਟ ਡਾਟਾ ਨੂੰ ਮਿਟਾਉਣਾ।

ਡਾਟਾ ਪ੍ਰਬੰਧਨ ਨੀਤੀਆਂ

ਸੰਸਥਾਵਾਂ ਨੂੰ ਡਾਟਾ ਸਟੋਰੇਜ ਅਤੇ ਡਿਲੀਸ਼ਨ ਲਈ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ।

ਸਮਝਦਾਰ ਕਲਾਉਡ ਸਟੋਰੇਜ

ਨਾ ਵਰਤੇ ਜਾਣ ਵਾਲੇ ਬੈਕਅਪ ਅਤੇ ਪੁਰਾਣੇ ਡਾਟਾ ਨੂੰ ਹਟਾਉਣਾ।

ਊਰਜਾ-ਕੁਸ਼ਲ ਸਾਫਟਵੇਅਰ ਡਿਜ਼ਾਈਨ

ਹਲਕੇ ਅਤੇ ਊਰਜਾ ਬਚਾਉਣ ਵਾਲੇ ਐਪਲੀਕੇਸ਼ਨ ਬਣਾਉਣਾ।

ਡਿਜ਼ੀਟਲ ਜਾਗਰੂਕਤਾ ਮੁਹਿੰਮਾਂ

ਡਿਜ਼ੀਟਲ ਸਫ਼ਾਈ ਵਰਗੀਆਂ ਮੁਹਿੰਮਾਂ ਲੋਕਾਂ ਨੂੰ ਡਿਜ਼ੀਟਲ ਸਫ਼ਾਈ ਲਈ ਪ੍ਰੇਰਿਤ ਕਰਦੀਆਂ ਹਨ।

**ਗ੍ਰੀਨ ਕੰਪਿਊਟਿੰਗ**-ਅਜਿਹੀਆਂ ਤਕਨੀਕਾਂ ਅਪਣਾਉਣੀਆਂ ਜੋ ਊਰਜਾ ਦੀ ਖਪਤ ਘਟਾਉਣ।

**ਡਿਜ਼ੀਟਲ ਧੂੜ ਪ੍ਰਬੰਧਨ ਦਾ ਭਵਿੱਖ**-ਕ੍ਰਿਤ੍ਰਿਮ ਬੁੱਧੀ, ਕਲਾਉਡ ਕੰਪਿਊਟਿੰਗ ਅਤੇ ਇੰਟਰਨੈੱਟ ਆਫ਼ ਦਿੱਗਜ਼ ਦੇ ਫੈਲਾਅ ਨਾਲ ਡਿਜ਼ੀਟਲ ਡਾਟਾ ਦੀ ਮਾਤਰਾ ਬਹੁਤ ਤੇਜ਼ੀ ਨਾਲ ਵੱਧਣ ਵਾਲੀ ਹੈ। ਮਾਹਿਰਾਂ ਦਾ ਅਨੁਮਾਨ ਹੈ ਕਿ ਆਉਣ ਵਾਲੇ ਸਮੇਂ ਵਿੱਚ ਦੁਨੀਆ ਵਿੱਚ ਬਣਨ ਵਾਲਾ ਡਾਟਾ 180 ਜ਼ੈੱਟਾਬਾਈਟ ਤੋਂ ਵੱਧ ਹੋ ਸਕਦਾ ਹੈ।

ਭਵਿੱਖ ਵਿੱਚ ਸੰਭਾਵੀ ਹੱਲ ਇਹ ਹੋ ਸਕਦੇ ਹਨ:

ਏ ਆਈ ਆਧਾਰਿਤ ਆਟੋਮੈਟਿਕ ਡਾਟਾ ਸਫ਼ਾਈ ਪ੍ਰਣਾਲੀਆਂ।

ਊਰਜਾ-ਕੁਸ਼ਲ ਡਾਟਾ ਸੈਂਟਰ।

ਡਾਟਾ ਲਾਈਫ-ਸਾਈਕਲ ਪ੍ਰਬੰਧਨ ਨੀਤੀਆਂ।

ਡਿਜ਼ੀਟਲ ਸਥਿਰਤਾ ਲਈ ਅੰਤਰਰਾਸ਼ਟਰੀ ਨਿਯਮ।

ਜਨਤਾ ਵਿੱਚ ਵੱਧਦੀ ਜਾਗਰੂਕਤਾ।

ਡਿਜ਼ੀਟਲ ਕੂੜਾ ਡਿਜ਼ੀਟਲ ਯੁੱਗ ਦੀ ਇੱਕ ਅਦਿੱਖ ਪਰ ਤੇਜ਼ੀ ਨਾਲ ਵੱਧ ਰਹੀ ਸਮੱਸਿਆ ਹੈ। ਤਕਨੀਕ ਨੇ ਜਿੱਥੇ ਮਨੁੱਖੀ ਜੀਵਨ ਨੂੰ ਆਸਾਨ ਬਣਾਇਆ ਹੈ, ਉੱਥੇ ਇਸ ਨੇ ਬੇਹਿਸਾਬ ਬੇਲੋੜਾ ਡਾਟਾ ਵੀ ਪੈਦਾ ਕੀਤਾ ਹੈ ਜੋ ਊਰਜਾ ਦੀ ਖਪਤ ਵਧਾਉਂਦਾ ਹੈ, ਕਾਰਗੁਜ਼ਾਰੀ ਘਟਾਉਂਦਾ ਹੈ ਅਤੇ ਵਾਤਾਵਰਣ ਨੂੰ ਪ੍ਰਭਾਵਿਤ ਕਰਦਾ ਹੈ।

ਡਿਜ਼ੀਟਲ ਕੂੜੇ ਨੂੰ ਘਟਾਉਣ ਲਈ ਜ਼ਿੰਮੇਵਾਰ ਡਿਜ਼ੀਟਲ ਆਦਤਾਂ, ਕੁਸ਼ਲ ਤਕਨੀਕ ਅਤੇ ਸਮਾਜਿਕ ਜਾਗਰੂਕਤਾ ਦੀ ਲੋੜ ਹੈ। ਜੇਕਰ ਅਸੀਂ ਨਿਯਮਿਤ ਤੌਰ 'ਤੇ ਆਪਣਾ ਡਿਜ਼ੀਟਲ ਡਾਟਾ ਸਾਫ਼ ਕਰੀਏ ਅਤੇ ਬੇਲੋੜੇ ਡਾਟਾ ਨੂੰ ਘਟਾਈਏ, ਤਾਂ ਡਿਜ਼ੀਟਲ ਕ੍ਰਾਂਤੀ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਵਾਤਾਵਰਣ ਅਨੁਕੂਲ ਬਣਾਇਆ ਜਾ ਸਕਦਾ ਹੈ।

**-ਡਾ. ਸੁਰਿੰਦਰਪਾਲ ਸਿੰਘ. ਫੈਕਲਟੀ, ਸਾਇੰਸ ਵਿਭਾਗ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਬਚਾਓ ਰੈਲੀ ਦੀ ਸਫਲਤਾ ਲਈ ਕਲੇਰ ਨੇ ਕੀਤਾ ਸਮੱਰਥਕਾਂ ਦਾ ਧੰਨਵਾਦ



ਜਗਰਾਉਂ (ਵਰਿਆਮ ਹਠੂਰ) " ਪੰਜਾਬ ਬਚਾਓ " ਰੈਲੀ ਦੀ ਸਫਲਤਾ ਲਈ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਐਸ ਆਰ ਕਲੇਰ ਨੇ ਸਮੱਰਥਕਾਂ ,ਅਹੁਦੇਦਾਰਾਂ ਤੇ ਵਰਕਰਾਂ ਦਾ ਧੰਨਵਾਦ ਕੀਤਾ ਹੈ। ਸ੍ਰੀ ਕਲੇਰ ਨੇ ਰੈਲੀ ਦੀ ਸ਼ਾਨਦਾਰ ਸਫਲਤਾ ਦਾ ਸਿਹਰਾ ਸ਼੍ਰੋਮਣੀ ਆਕਾਲੀ ਦਲ ਦੀ ਲੀਡਰਸ਼ਿਪ ਅਤੇ ਰੈਲੀ 'ਚ ਸ਼ਾਮਿਲ ਸਮੱਰਥਕਾਂ ਦੇ ਸਿਰ ਬੰਨਦਿਆਂ ਕਿਹਾ ਕਿ ਇਹ ਸਭਨਾਂ ਦੇ ਯਤਨਾ ਸਦਕਾ ਹੀ ਸੰਭਵ ਹੋਇਆ ਹੈ। ਕਲੇਰ ਨੇ ਆਖਿਆ ਕਿ ਇਸ ਰੈਲੀ ਦੀ ਸਫਲਤਾ ਲਈ ਵਰਕਰਾਂ ਨੇ ਤਨੋ ਮਨੋਂ ਆਪਣਾ ਯੋਗਦਾਨ ਪਾਇਆ ਹੈ ਉਨ੍ਹਾਂ ਆਖਿਆ ਕਿ ਬੇਤਹਾਸ਼ਾ ਇਕੱਠ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਵੀ ਪ੍ਰਭਾਵਿਤ ਕੀਤਾ ਹੈ ਤੇ ਸ: ਬਾਦਲ ਨੇ ਇਸ ਸਫਲਤਾ ਲਈ ਉਨ੍ਹਾਂ ਨੂੰ ਉਚੇਚੇ ਤੌਰ 'ਤੇ ਵਧਾਈ ਭੇਂਟ ਕੀਤੀ ਹੈ। ਕਲੇਰ ਨੇ ਆਖਿਆ ਕਿ ਜਿਸ ਤਰਾਂ ਵਰਕਰਾਂ ਤੇ ਅਹੁਦੇਦਾਰਾਂ ਨੇ ਜੀਅ ਜਾਣ ਨਾਲ ਪਾਰਟੀ ਦਾ ਝੰਡਾ ਚੁੱਕ ਕੇ ਸ੍ਰੋਮਣੀ ਅਕਾਲੀ ਦਲ ਦੇ ਪ੍ਰਚਾਰ ਪਾਸਾਰ ਲਈ ਕੰਮ ਕਰਨਾ ਸ਼ੁਰੂ ਕੀਤਾ ਹੈ ਉਸਤੋਂ ਜਾਪਦਾ ਹੈ ਕਿ ਮੰਜ਼ਿਲ ਦੂਰ ਨਹੀ ਹੈ ਉਨ੍ਹਾਂ ਕਿਹਾ ਕਿ ਇਹ ਲੋਕ ਲਹਿਰ ਇਕ ਦਿਨ ਤਖਤਾ ਪਰਟੇਗੀ ਤੇ ਸ਼੍ਰੋਮਣੀ ਅਕਾਲੀ ਦਲ ਦਾ ਰਾਜ ਅਵੱਸ਼ ਆਵੇਗਾ।

# ਬਦਲਦਾ ਮੌਸਮ ਅਤੇ ਸਿਹਤ




ਜਦੋਂ ਕੁਦਰਤ ਆਪਣੀ ਚਾਦਰ ਬਦਲਦੀ ਹੈ ਅਤੇ ਸਰਦੀਆਂ ਦੀ ਠੰਢ ਘਟਣੀ ਸ਼ੁਰੂ ਹੁੰਦੀ ਹੈ, ਤਾਂ ਮੌਸਮ ਵਿੱਚ ਇੱਕ ਅਜੀਬ ਜਿਹੀ ਤਬਦੀਲੀ ਮਹਿਸੂਸ ਹੁੰਦੀ ਹੈ। ਇਸ ਸਮੇਂ ਨੂੰ ਅਸੀਂ 'ਪੱਤਝੜ' ਜਾਂ 'ਬਸੰਤ' ਦੇ ਸੁਮੇਲ ਵਾਲਾ ਸਮਾਂ ਕਹਿ ਸਕਦੇ ਹਾਂ, ਜਿੱਥੇ ਸਵੇਰ-ਸ਼ਾਮ ਠੰਢ ਹੁੰਦੀ ਹੈ ਅਤੇ ਦੁਪਹਿਰ ਨੂੰ ਸੂਰਜ ਦੀ ਤਪਸ਼ ਮਹਿਸੂਸ ਹੋਣ ਲੱਗਦੀ ਹੈ। ਇਹ ਬਦਲਦਾ ਮੌਸਮ ਦੇਖਣ ਨੂੰ ਤਾਂ ਬਹੁਤ ਸੁਹਾਵਣਾ ਲੱਗਦਾ ਹੈ, ਪਰ ਸਿਹਤ ਦੇ ਨਜ਼ਰੀਏ ਤੋਂ ਇਹ ਬਹੁਤ ਹੀ ਨਾਜ਼ੁਕ ਹੁੰਦਾ ਹੈ।

1. ਬਦਲਦੇ ਮੌਸਮ ਵਿੱਚ ਬਿਮਾਰੀਆਂ ਦਾ ਖਤਰਾ-ਮੌਸਮ ਵਿੱਚ ਤਬਦੀਲੀ ਦੇ ਦੌਰਾਨ ਸਾਡਾ ਸਰੀਰ ਬਾਹਰੀ ਤਾਪਮਾਨ ਦੇ ਅਨੁਕੂਲ ਹੋਣ ਵਿੱਚ ਸਮਾਂ ਲੈਂਦਾ ਹੈ। ਇਸ ਸਮੇਂ ਦੌਰਾਨ ਵਾਇਰਸ ਅਤੇ ਬੈਕਟੀਰੀਆ ਬਹੁਤ ਸਰਗਰਮ ਹੋ ਜਾਂਦੇ ਹਨ। ਖਾਸ ਕਰਕੇ:

* ਇਮਿਊਨਿਟੀ ਵਿੱਚ ਕਮੀ: ਤਾਪਮਾਨ ਦੇ ਉਤਾਰ-ਚੜ੍ਹਾਅ ਕਾਰਨ ਸਰੀਰ ਦੀ ਰੋਗਾਂ ਨਾਲ ਲੜਨ ਦੀ ਸ਼ਕਤੀ ਕਮਜ਼ੋਰ ਪੈ ਜਾਂਦੀ ਹੈ।

* ਵਾਇਰਲ ਇਨਫੈਕਸ਼ਨ: ਜ਼ੁਕਾਮ, ਖੰਘ, ਬੁਖ਼ਾਰ ਅਤੇ ਫਲੂ ਇਸ ਸਮੇਂ ਸਭ ਤੋਂ ਵੱਧ ਹੁੰਦੇ ਹਨ।

* ਐਲਰਜੀ: ਫੁੱਲਾਂ ਦੇ ਖਿੜਨ ਅਤੇ ਹਵਾ ਵਿੱਚ ਧੂੜ-ਮਿੱਟੀ ਕਾਰਨ ਸਾਹ ਦੀ ਐਲਰਜੀ ਅਤੇ ਅੱਖਾਂ ਵਿੱਚ ਜਲਣ ਦੀਆਂ ਸਮੱਸਿਆਵਾਂ ਵਧ ਜਾਂਦੀਆਂ ਹਨ।

2. ਖਾਣ-ਪੀਣ ਵਿੱਚ ਬਦਲਾਅ-

ਸਰਦੀਆਂ ਵਿੱਚ ਅਸੀਂ ਅਕਸਰ ਤਲਿਆ ਹੋਇਆ ਅਤੇ ਭਾਰੀ ਭੋਜਨ ਖਾਂਦੇ ਹਾਂ, ਪਰ ਜਿਵੇਂ ਹੀ ਗਰਮੀ ਦਸਤਕ ਦਿੰਦੀ ਹੈ, ਸਾਨੂੰ ਆਪਣੀ ਖੁਰਾਕ ਵਿੱਚ ਬਦਲਾਅ ਕਰਨਾ ਚਾਹੀਦਾ ਹੈ।

* ਤਰਲ ਪਦਾਰਥਾਂ ਦਾ ਸੇਵਨ: ਪਾਣੀ ਦੀ ਮਾਤਰਾ ਵਧਾਓ। ਹਾਲਾਂਕਿ ਅਜੇ ਬਹੁਤ ਗਰਮੀ ਨਹੀਂ ਹੈ, ਫਿਰ ਵੀ ਸਰੀਰ ਨੂੰ ਹਾਈਡ੍ਰੇਟਿਡ ਰੱਖਣਾ ਜ਼ਰੂਰੀ ਹੈ। ਕੋਸਾ ਪਾਣੀ ਪੀਣਾ ਸਭ ਤੋਂ ਵਧੀਆ ਹੈ।

* ਮੌਸਮੀ ਫਲ: ਸੰਤਰਾ, ਅੰਗੂਰ ਅਤੇ ਨਿੰਬੂ ਜਾਤੀ ਦੇ ਫਲਾਂ ਦਾ ਸੇਵਨ ਕਰੋ ਜੋ ਵਿਟਾਮਿਨ-ਸੀ ਨਾਲ ਭਰਪੂਰ ਹੁੰਦੇ ਹਨ। ਇਹ ਤੁਹਾਡੀ ਇਮਿਊਨਿਟੀ ਵਧਾਉਣਗੇ।

* ਤਾਜ਼ਾ ਭੋਜਨ: ਬਾਸੀ ਭੋਜਨ ਖਾਣ ਤੋਂ ਬਚੋ ਕਿਉਂਕਿ ਵਧਦੇ ਤਾਪਮਾਨ ਵਿੱਚ ਖਾਣਾ ਜਲਦੀ ਖਰਾਬ ਹੋਣ ਲੱਗਦਾ ਹੈ, ਜਿਸ ਨਾਲ ਫੂਡ ਪੋਇਜ਼ਿਨੰਗ ਹੋ ਸਕਦੀ ਹੈ।

3. ਪਹਿਰਾਵੇ ਵੱਲ ਖਾਸ ਧਿਆਨ-ਇਸ ਮੌਸਮ ਵਿੱਚ ਸਭ ਤੋਂ ਵੱਡੀ ਗਲਤੀ ਅਸੀਂ ਕੱਪੜਿਆਂ ਦੀ ਚੋਣ ਵਿੱਚ ਕਰਦੇ ਹਾਂ। ਦੁਪਹਿਰ ਦੀ ਧੁੱਪ ਦੇਖ ਕੇ ਅਸੀਂ ਗਰਮ ਕੱਪੜੇ ਉਤਾਰ ਦਿੰਦੇ ਹਾਂ, ਪਰ ਸ਼ਾਮ ਦੀ ਹਵਾ ਸਰੀਰ ਨੂੰ ਜਕੜ ਲੈਂਦੀ ਹੈ। 'ਲੇਅਰਿੰਗ' ਦਾ ਤਰੀਕਾ ਅਪਣਾਓ। ਇੱਕੋ ਭਾਰੀ ਕੋਟ ਪਾਉਣ ਦੀ ਬਜਾਏ, ਹਲਕੀਆਂ ਦੋ-ਤਿੰਨ ਪਰਤਾਂ ਪਾਓ (ਜਿਵੇਂ ਕਮੀਜ਼ ਦੇ ਉੱਪਰ ਹਲਕੀ ਜੈਕਟ ਜਾਂ ਸਵੈਟਰ)। ਜਦੋਂ ਗਰਮੀ ਲੱਗੇ ਤਾਂ ਇੱਕ ਪਰਤ ਉਤਾਰੀ ਜਾ ਸਕਦੀ ਹੈ।

4. ਬੱਚਿਆਂ ਅਤੇ ਬਜ਼ੁਰਗਾਂ ਦੀ ਸੰਭਾਲ-ਬੱਚਿਆਂ ਅਤੇ ਬਜ਼ੁਰਗਾਂ ਦੀ ਇਮਿਊਨਿਟੀ ਬਾਲਗਾਂ ਦੇ ਮੁਕਾਬਲੇ ਘੱਟ ਹੁੰਦੀ ਹੈ, ਇਸ ਲਈ ਉਨ੍ਹਾਂ ਨੂੰ ਵਧੇਰੇ ਸੁਰੱਖਿਆ ਦੀ ਲੋੜ ਹੁੰਦੀ ਹੈ।

* ਬੱਚੇ: ਖੇਡਦੇ ਸਮੇਂ ਬੱਚਿਆਂ ਨੂੰ ਪਸੀਨਾ ਆਉਂਦਾ ਹੈ ਅਤੇ ਉਹ ਤੁਰੰਤ ਠੰਢਾ ਪਾਣੀ ਪੀ ਲੈਂਦੇ ਹਨ ਜਾਂ ਪੱਖਾ ਚਲਾ ਲੈਂਦੇ ਹਨ। ਇਹ 'ਗਰਮ-ਸਰਦ' ਹੋਣ ਦਾ ਮੁੱਖ ਕਾਰਨ ਹੈ। ਉਨ੍ਹਾਂ ਨੂੰ ਅਜਿਹਾ ਕਰਨ ਤੋਂ ਰੋਕੋ।

* ਬਜ਼ੁਰਗ: ਜੋੜਾਂ ਦੇ ਦਰਦ ਦੀ ਸਮੱਸਿਆ ਇਸ ਮੌਸਮ ਵਿੱਚ ਵੱਧ ਸਕਦੀ ਹੈ। ਉਨ੍ਹਾਂ ਨੂੰ ਸਵੇਰੇ ਜਲਦੀ ਸੈਰ ਕਰਨ ਵੇਲੇ ਸਰੀਰ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖਣਾ ਚਾਹੀਦਾ ਹੈ।

5. ਜੀਵਨਸ਼ੈਲੀ ਵਿੱਚ ਸੁਧਾਰ ਲਈ ਕੁਝ ਅਹਿਮ ਨੁਕਤੇ

ਘੜੇ ਦਾ ਜਾਂ ਸਾਧਾਰਨ ਪਾਣੀ ਪੀਓ। ਫਰਿੱਜ ਦਾ ਬਰਫ ਵਰਗਾ ਠੰਢਾ ਪਾਣੀ ਨਾ ਪੀਓ। 7-8 ਘੰਟੇ ਦੀ ਪੂਰੀ ਨੀਂਦ ਲਓ। ਦੇਰ ਰਾਤ ਤੱਕ ਜਾਗਣ ਤੋਂ ਬਚੋ। ਯੋਗਾ ਜਾਂ ਹਲਕੀ ਸੈਰ ਜਾਰੀ ਰੱਖੋ। ਪਸੀਨੇ ਵਾਲੀ ਹਾਲਤ ਵਿੱਚ ਤੁਰੰਤ ਏ.ਸੀ. ਜਾਂ ਪੱਖੇ ਸਾਹਮਣੇ ਨਾ ਬੈਠੋ।

ਮੌਸਮ ਦਾ ਬਦਲਣਾ ਕੁਦਰਤ ਦਾ ਨਿਯਮ ਹੈ, ਪਰ ਸਾਡੀ ਸਿਹਤ ਸਾਡੀ ਆਪਣੀ ਜ਼ਿੰਮੇਵਾਰੀ ਹੈ। ਥੋੜ੍ਹੀ ਜਿਹੀ ਲਾਪਰਵਾਹੀ ਸਾਨੂੰ ਹਸਪਤਾਲ ਪਹੁੰਚਾ ਸਕਦੀ ਹੈ, ਜਦੋਂ ਕਿ ਥੋੜ੍ਹੀ ਜਿਹੀ ਸਾਵਧਾਨੀ ਸਾਨੂੰ ਇਸ ਖੂਬਸੂਰਤ ਬਸੰਤ ਦਾ ਆਨੰਦ ਲੈਣ ਵਿੱਚ ਮਦਦ ਕਰੇਗੀ। ਯਾਦ ਰੱਖੋ! "ਪਰਹੇਜ਼ ਇਲਾਜ ਨਾਲੋਂ ਬਿਹਤਰ ਹੈ।"

**-ਨਰਿੰਦਰ ਪਾਲ ਸਿੰਘ, ਬਲਾਕ ਐਜੂਕੇਟਰ, ਸਿਹਤ ਵਿਭਾਗ ਪੰਜਾਬ 9876805158**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243